


ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post




To view our online newspaper visit **punjabipost.ca/epaper** | **Vol 24* Issue 137** | **Friday, 29 August 2025** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

### ਕੈਨੇਡਾ ਅਤੇ ਭਾਰਤ ਦਰਮਿਆਨ ਰਿਸ਼ਤਿਆਂ ਵਿਚ ਸੁਧਾਰ ਦੀਆਂ ਉਮੀਦਾਂ ਜਾਗੀਆਂ

# ਦੋਨਾਂ ਦੇਸ਼ਾਂ ਨੇ ਨਵੇਂ ਰਾਜਦੂਤ ਕੀਤੇ ਨਿਯੁਕਤ

**ਵਿਦੇਸ਼ ਮੰਤਰੀ ਨੇ ਭਾਰਤ ਲਈ ਕ੍ਰਿਟਸੋਫ਼ਰ ਕੂਟਰ ਨੂੰ ਨਵਾਂ ਹਾਈ ਕਮਿਸ਼ਨਰ ਕੀਤਾ ਨਿਯੁਕਤ**



ਓਟਵਾ, 28 ਅਗਸਤ (ਪੋਸਟ ਬਿਊਰੋ): ਵਿਦੇਸ਼ ਮੰਤਰੀ ਅਨੀਤਾ ਆਨੰਦ ਨੇ ਭਾਰਤ ਲਈ ਕੈਨੇਡਾ ਦਾ ਨਵਾਂ ਹਾਈ ਕਮਿਸ਼ਨਰ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਤਕਰੀਬਨ 10 ਮਹੀਨੇ ਬਾਅਦ ਹੋਈ ਹੈ, ਜਦੋਂ ਦੋਹਾਂ ਦੇਸ਼ਾਂ ਨੇ ਇੱਕ ਦੂਸਰੇ ਦੇ ਡਿਪਲੋਮੈਟਾਂ ਨੂੰ ਕੱਢ ਦਿੱਤਾ ਸੀ। ਕ੍ਰਿਸਟੋਫ਼ਰ ਕੂਟਰ ਹੁਣ ਭਾਰਤ ਵਿੱਚ ਕੈਨੇਡਾ ਦੇ ਹਾਈ ਕਮਿਸ਼ਨਰ ਹੋਣਗੇ।

ਕੂਟਰ 35 ਸਾਲਾਂ ਤੋਂ ਡਿਪਲੋਮੈਟਿਕ ਸੇਵਾ ਕਰ ਰਹੇ ਹਨ ਅਤੇ ਇਸ ਦੌਰਾਨ ਇਜ਼ਰਾਈਲ ਅਤੇ ਦੱਖਣੀ ਅਫ਼ਰੀਕਾ ਵਰਗੇ ਦੇਸ਼ਾਂ ਵਿੱਚ ਕੰਮ ਕਰ ਚੁੱਕੇ ਹਨ। 25 ਸਾਲ ਪਹਿਲਾਂ ਉਹ ਨਵੀਂ ਦਿੱਲੀ ਵਿੱਚ ਵੀ ਤਾਇਨਾਤ ਰਹੇ ਸਨ।

ਭਾਰਤ ਨੇ ਦਿਨੇਸ਼ ਕੇ. ਪਟਨਾਇਕ ਨੂੰ ਕੈਨੇਡਾ ਵਿੱਚ ਆਪਣਾ ਅਗਲਾ ਹਾਈ ਕਮਿਸ਼ਨਰ ਨਿਯੁਕਤ ਕੀਤਾ ਹੈ। ਇੱਕ ਤਜ਼ਰਬੇਕਾਰ ਡਿਪਲੋਮੈਟ ਵਜੋਂ ਪਟਨਾਇਕ ਸਪੇਨ ਵਿੱਚ ਭਾਰਤ ਦੇ ਰਾਜਦੂਤ ਵਜੋਂ ਸੇਵਾ ਨਿਭਾਅ ਰਹੇ ਹਨ। ਭਾਰਤ ਅਨੁਸਾਰ ਪਟਨਾਇਕ ਦੇ ਜਲਦੀ ਹੀ ਕੈਨੇਡੀਅਨ ਅਹੁਦਾ ਸੰਭਾਲਣ ਦੀ ਉਮੀਦ ਹੈ।

ਕੈਨੇਡਾ ਅਤੇ ਭਾਰਤ ਦੇ ਰਿਸ਼ਤੇ 2023 ਵਿਚ ਖ਼ਰਾਬ ਹੋ ਗਏ ਸਨ, ਜਦ ਕੈਨੇਡੀਅਨ ਪੁਲਿਸ ਨੇ ਇਹ ਦੋਸ਼ ਲਾਇਆ ਸੀ ਕਿ ਬੀਸੀ ਵਿਚ ਇੱਕ ਸਿੱਖ ਕਾਰਕੁਨ ਦੇ ਕਤਲ 'ਚ ਭਾਰਤ ਦੀ ਭੂਮਿਕਾ ਸੀ।

## ਹਾਈਵੇਅ 30 'ਤੇ ਟਰੱਕ ਨੇ ਕਈ ਵਾਹਨਾਂ ਨੂੰ ਮਾਰੀ ਟੱਕਰ, 2 ਦੀ ਮੌਤ, 4 ਜ਼ਖਮੀ



ਮਾਂਟਰੀਅਲ, 28 ਅਗਸਤ (ਪੋਸਟ ਬਿਊਰੋ): ਮਾਂਟਰੀਅਲ ਦੇ ਸਾਊਥ ਏਂਡ 'ਤੇ ਹਾਈਵੇਅ 30 'ਤੇ ਅੱਠ ਵਾਹਨਾਂ ਦੀ ਟੱਕਰ ਵਿਚ ਦੋ ਲੋਕਾਂ ਦੀ ਮੌਤ ਹੋ ਗਈ। ਪੁਲਿਸ ਨੂੰ ਸ਼ਾਮ 4 ਵਜੇ ਦੇ ਕਰੀਬ ਬਾਊਚਰਵਿਲ ਵਿੱਚ ਹਾਈਵੇਅ 'ਤੇ ਇਕ ਟਰੱਕ ਦੇ ਕਈ ਵਾਹਨਾਂ ਨਾਲ ਟਕਰਾਉਣ ਦੀ ਸੂਚਨਾ ਮਿਲੀ। ਸੂਰੇਤੇ ਡੂ ਕਿਊਬੇਕ ਦੇ ਸਪੋਕਸਪਰਸਨ ਐਲਿਜ਼ਾਬੈਥ ਮਾਰਕਿਸ ਨੇ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਟਰੱਕ ਚਾਲਕ ਬ੍ਰੇਕ ਨਹੀਂ ਲਗਾ ਸਕਿਆ। ਐਸਕਿਊ ਦੀ ਸਪੋਕਸਪਰਸਨ ਲੌਰੀ ਐਵੋਇਨ ਨੇ ਪੁਸ਼ਟੀ ਕੀਤੀ ਕਿ ਦੋ ਜ਼ਖ਼ਮੀਆਂ ਨੂੰ ਹਸਪਤਾਲ ਵਿੱਚ ਮ੍ਰਿਤਕ ਐਲਾਨ ਦਿੱਤਾ ਗਿਆ। ਹਾਦਸੇ ਵਿੱਚ ਚਾਰ ਵਿਅਕਤੀਆਂ ਨੂੰ ਮਾਮੂਲੀ ਸੱਟਾਂ ਵੀ ਲੱਗੀਆਂ ਹਨ।

ਘਟਨਾ ਦੀਆਂ ਫੋਟੋਆਂ ਵਿਚ ਦੇਖਿਆ ਜਾ ਸਕਦਾ ਹੈ ਕਿ ਇੱਕ ਵੱਡੇ ਟਰੱਕ ਨੇ ਕਈ ਕਾਰਾਂ ਨੂੰ ਟੱਕਰ ਮਾਰ ਦਿੱਤੀ ਅਤੇ ਦੋ ਕਾਰਾਂ ਨੂੰ ਬੁਰੀ ਤਰ੍ਹਾਂ ਕੁਚਲ ਦਿੱਤਾ। ਘਟਨਾ ਤੋਂ ਬਾਅਦ ਖੇਤਰ ਵਿੱਚ ਸੱਤ ਕਿਲੋਮੀਟਰ ਤੱਕ ਆਵਾਜਾਈ ਨੂੰ ਰੋਕ ਦਿੱਤਾ ਗਿਆ ਸੀ। ਪੁਲਿਸ ਜਾਂਚ ਦੌਰਾਨ ਹਾਈਵੇਅ ਦਾ ਕੁਝ ਹਿੱਸਾ ਬੰਦ ਕਰ ਦਿੱਤਾ ਗਿਆ ਹੈ। ਡਰਾਈਵਰਾਂ ਨੂੰ ਇਸ ਖੇਤਰ ਤੋਂ ਬਚਣ ਲਈ ਕਿਹਾ ਜਾ ਰਿਹਾ ਹੈ।

## ਮਿਨੀਸੋਟਾ ਦੇ ਇੱਕ ਕੈਥਲਿਕ ਸਕੂਲ ਦੇ ਚਰਚ ਵਿਚ ਚੱਲੀ ਗੋਲੀ, 2 ਬੱਚਿਆਂ ਦੀ ਮੌਤ, ਕਈ ਜ਼ਖ਼ਮੀ, ਹਮਲਾਵਰ ਵੀ ਹਲਾਕ



ਮਿਨੀਸੋਟਾ, 28 ਅਗਸਤ (ਪੋਸਟ ਬਿਊਰੋ): ਬੁੱਧਵਾਰ ਨੂੰ ਮਿਨੀਐਪਲਿਸ ਦੇ ਇੱਕ ਕੈਥੋਲਿਕ ਸਕੂਲ ਦੀ ਚਰਚ 'ਚ ਹੋਈ ਗੋਲੀਬਾਰੀ ਵਿਚ 2 ਬੱਚਿਆਂ ਦੀ ਮੌਤ ਹੋ ਗਈ ਹੈ। ਇਸ ਹਮਲੇ ਵਿੱਚ 17 ਹੋਰ ਲੋਕ ਜ਼ਖਮੀ ਹੋਏ ਹਨ।

ਮਿਨੀਐਪਲਿਸ ਪੁਲਿਸ ਚੀਫ਼ ਬਰਾਇਨ ਓ'ਹੈਰਾ ਨੇ ਕਿਹਾ ਕਿ ਮਾਰੇ ਗਏ ਬੱਚਿਆਂ ਵਿਚ ਇੱਕ ਦੀ ਉਮਰ 8 ਸਾਲ ਤੇ ਦੂਜੇ ਦੀ 10 ਸਾਲ ਸੀ। ਪੁਲਿਸ ਅਨੁਸਾਰ ਇਸ ਘਟਨਾ ਨੂੰ ਅੰਜ਼ਾਮ ਦੇਣ ਵਾਲਾ ਸ਼ੂਟਰ ਵੀ ਹਲਾਕ ਹੋ ਗਿਆ ਹੈ।

ਇਹ ਹਮਲਾ ਐਨਨਸੀਏਸ਼ਨ ਚਰਚ ਦੀ ਇਕ ਖਿੜਕੀ ਤੋਂ ਕੀਤਾ ਗਿਆ, ਜਿੱਥੇ ਹਮਲਾਵਰ ਨੇ ਬਾਹਰੋਂ ਹੀ ਚਰਚ ਦੇ ਅੰਦਰ ਮੌਜੂਦ ਲੋਕਾਂ ਉੱਤੇ ਗੋਲੀਆਂ ਚਲਾਈਆਂ। ਉਸ ਕੋਲ ਰਾਈਫਲ, ਸ਼ਾਟਗਨ ਅਤੇ ਪਿਸਤੌਲ ਸੀ।

ਪੁਲਿਸ ਦੇ ਅਨੁਸਾਰ ਹਮਲਾਵਰ ਦੀ ਉਮਰ 20 ਕੁ ਸਾਲ ਸੀ ਅਤੇ ਉਸ ਦਾ ਸਕੂਲ ਜਾਂ ਚਰਚ ਨਾਲ ਕੋਈ ਸਬੰਧ ਨਹੀਂ ਲੱਗਦਾ।

ਪੁਲਿਸ ਅਨੁਸਾਰ ਇਹ ਮੰਨਿਆ ਜਾ ਰਿਹਾ ਹੈ ਕਿ ਹਮਲਾਵਰ ਨੇ ਖ਼ੁਦ ਹੀ ਆਪਣੇ ਆਪ ਨੂੰ ਗੋਲੀ ਮਾਰ ਕੇ ਜਾਨ ਦੇ ਦਿੱਤੀ। ਹਮਲੇ ਵਿੱਚ ਜ਼ਖ਼ਮੀ ਹੋਏ ਲੋਕਾਂ ਵਿਚੋਂ 14 ਬੱਚੇ ਹਨ।

ਮਿਨੀਸੋਟਾ ਦੇ ਗਵਰਨਰ ਟਿਮ ਵਾਲਜ਼ ਨੇ ਇਸ ਹਮਲੇ ਨੂੰ ਭਿਆਨਕ ਦੱਸਿਆ ਅਤੇ ਕਿਹਾ ਕਿ ਉਹ ਬੱਚਿਆਂ ਅਤੇ ਅਧਿਆਪਕਾਂ ਲਈ ਦੁਆ ਕਰ ਰਹੇ ਹਨ ਜਿਨ੍ਹਾਂ ਦੇ ਸਕੂਲ ਦੇ ਪਹਿਲੇ ਹਫਤੇ ਨੂੰ ਇੰਨੀ ਵੱਡੀ ਹਿੰਸਾ ਨੇ ਹਿਲਾ ਕੇ ਰੱਖ ਦਿੱਤਾ।

ਅਮਰੀਕੀ ਰਾਸ਼ਟਰਪਤੀ ਡੌਨਲਡ ਟਰੰਪ ਨੇ ਵੀ ਇਸ ਹਮਲੇ ਦੀ ਜਾਣਕਾਰੀ ਲੈਣ ਦੀ ਪੁਸ਼ਟੀ ਕੀਤੀ ਅਤੇ ਕਿਹਾ ਕਿ ਵਾਈਟ ਹਾਊਸ ਇਸ ਉੱਤੇ ਨਿਗਰਾਨੀ ਰੱਖੇ ਹੋਏ ਹੈ।

# ਕਿਊਬੈਕ ਸਰਕਾਰ ਜਨਤਕ ਥਾਂਵਾਂ 'ਤੇ ਪ੍ਰਾਰਥਨਾ ਕਰਨ 'ਤੇ ਪਾਬੰਦੀ ਲਗਾਉਣ ਦੀ ਕਰ ਰਹੀ ਤਿਆਰੀ

**ਸੜਕਾਂ 'ਤੇ ਪ੍ਰਾਰਥਨਾ ਕਰਨ ਨੂੰ ਸਰਕਾਰ ਮੰਨ ਰਹੀ ਹੈ ਗੰਭੀਰ ਅਤੇ ਸੰਵੇਦਨਸ਼ੀਲ ਮਾਮਲਾ**



ਕਿਊਬੈਕ, 28 ਅਗਸਤ (ਪੋਸਟ ਬਿਊਰੋ): ਕਿਊਬੈਕ ਦੀ ਸਰਕਾਰ ਜਨਤਕ ਥਾਂਵਾਂ 'ਚ ਪ੍ਰਾਰਥਨਾ 'ਤੇ ਪਾਬੰਦੀ ਲਗਾਉਣ ਲਈ ਇੱਕ ਨਵਾਂ ਕਾਨੂੰਨ ਲਿਆਉਣ ਦੀ ਯੋਜਨਾ ਬਣਾ ਰਹੀ ਹੈ।

ਸੈਕ੍ਰਿਲਰਿਜ਼ਮ ਮੰਤਰੀ ਜੌਂ-ਫ੍ਰਾਂਸੋਆ ਰੌਬਰਜ ਨੇ ਕਿਹਾ ਕਿ ਸੜਕਾਂ 'ਤੇ ਪ੍ਰਾਰਥਨਾ ਕਰਨਾ ਇੱਕ ਗੰਭੀਰ ਅਤੇ ਸੰਵੇਦਨਸ਼ੀਲ ਮਾਮਲਾ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰੀਮੀਅਰ ਨੇ ਉਨ੍ਹਾਂ ਨੂੰ ਕਿਊਬੈਕ ਵਿੱਚ ਧਰਮ-ਨਿਰਪੱਖਤਾ ਮਜ਼ਬੂਤ ਕਰਨ ਦਾ ਕੰਮ ਦਿੱਤਾ ਹੈ ਅਤੇ ਉਹ ਇਸ ਕੰਮ ਨੂੰ ਗੰਭੀਰਤਾ ਨਾਲ ਅੱਗੇ ਵਧਾਉਣਗੇ।

...ਬਾਕੀ ਪੰਨਾ 2 'ਤੇ















ਪੰਜਾਬੀ ਪੋਸਟ
Punjabipost.ca
905-793-2202
27 Armthorpe Rd #3,
Brampton, L6T 5M4

Founder Editor : Jagdish Singh Grewal
Managing Director: Parminder Kaur Grewal
Contributing Editors: Gyan Singh
Sub Edtior: Angrez Singh
Marketing Executives: Sajandeep Singh
Creative Head: Komal Matharu

Punjabi Post is a daily newspaper (Digital Edition) published Monday to Friday. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind.
Thank you.

# 2029 ਤੱਕ ਲਾਟਵੀਆ ਵਿੱਚ ਕੈਨੇਡੀਅਨ ਫੌਜੀ ਰਹਿਣਗੇ ਤਾਇਨਾਤ

## ਕਾਰਨੀ ਨੇ ਕੈਨੇਡੀਅਨ ਫੌਜੀ ਮਿਸ਼ਨ ਨੂੰ 2029 ਤੱਕ ਵਧਾਇਆ





ਓਟਵਾ, 28 ਅਗਸਤ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਐਲਾਨ ਕੀਤਾ ਹੈ ਕਿ ਕੈਨੇਡਾ 2029 ਤੱਕ ਲਾਟਵੀਆ ਵਿੱਚ ਆਪਣੇ ਫੌਜੀ ਤਾਇਨਾਤ ਰੱਖੇਗਾ।

ਇਹ ਫੈਸਲਾ ਰੂਸ ਵੱਲੋਂ ਯੂਰਪ 'ਤੇ ਹਮਲੇ ਦੀ ਸੰਭਾਵਨਾ ਨੂੰ ਰੋਕਣ ਲਈ ਲਿਆ ਗਿਆ ਹੈ। ਲਾਟਵੀਆ ਦੀ ਰਾਜਧਾਨੀ ਰੀਗਾ ਵਿਚ ਕਾਨਫਰੰਸ ਦੌਰਾਨ, ਕਾਰਨੀ ਨੇ ਕਿਹਾ ਕਿ ਸਾਨੂੰ ਰੋਕਥਾਮ ਅਤੇ ਸੁਰੱਖਿਆ ਨੂੰ ਮਜ਼ਬੂਤ ਕਰਨਾ ਪੈਣਾ ਹੈ ਅਤੇ ਇਹੀ ਤਰੀਕਾ ਹੈ ਜਿਸ ਨਾਲ ਅਸੀਂ ਸੱਚਾ ਭਰੋਸਾ ਦੇ ਸਕਦੇ ਹਾਂ।

ਪ੍ਰਧਾਨ ਮੰਤਰੀ ਕਾਰਨੀ ਦੇ ਦਫਤਰ ਨੇ ਦੱਸਿਆ ਕਿ ਹੁਣ ਲਾਟਵੀਆ ਵਿੱਚ ਓਪਰੇਸ਼ਨ ਰੀਅਸ਼ੋਰੈਂਸ ਤਹਿਤ 2,000 ਕੈਨੇਡੀਅਨ ਫੌਜੀ ਤਾਇਨਾਤ ਹਨ, ਜੋਕਿ ਕੈਨੇਡਾ ਦਾ ਸਭ ਤੋਂ ਵੱਡਾ ਵਿਦੇਸ਼ੀ ਫੌਜੀ ਮਿਸ਼ਨ ਹੈ।

ਕੈਨੇਡੀਅਨ ਫੌਜੀ 2017 ਤੋਂ ਲਾਟਵੀਆ ਵਿੱਚ ਮੌਜੂਦ ਹਨ ਤਾਂ ਜੋ ਯੂਰਪ ਦੇ ਪੂਰਬੀ ਹਿੱਸੇ ਦੀ ਸੁਰੱਖਿਆ ਨੂੰ ਮਜ਼ਬੂਤ ਕੀਤਾ ਜਾ ਸਕੇ ਅਤੇ ਰੂਸ ਵੱਲੋਂ ਬਾਲਟਿਕ ਦੇਸ਼ਾਂ 'ਤੇ ਹਮਲੇ ਤੋਂ ਰੋਕਿਆ ਜਾ ਸਕੇ।

ਇਹ ਤਾਇਨਾਤੀ ਇੱਕ ਟ੍ਰਿਪ ਵਾਇਰ ਵਜੋਂ ਵੀ ਜਾਣੀ ਜਾਂਦੀ ਹੈ, ਜਿਸਦਾ ਮਤਲਬ ਇਹ ਹੈ ਕਿ ਜੇ ਰੂਸ ਹਮਲਾ ਕਰੇ, ਤਾਂ ਉਹ ਸਿੱਧਾ ਨਾਟੋ ਦੇ ਜਵਾਬ ਦਾ ਸਾਹਮਣਾ ਕਰੇ।

ਹਾਲਾਂਕਿ ਇਹ ਮਿਸ਼ਨ 2026 ਵਿੱਚ ਖਤਮ ਹੋਣਾ ਸੀ, ਪਰ ਕਾਰਨੀ ਨੇ ਕਿਹਾ ਕਿ ਉਹ ਇਸਨੂੰ ਹੋਰ ਤਿੰਨ ਸਾਲਾਂ ਲਈ ਵਧਾਉਣ ਦਾ ਯੋਜਨਾ ਬਣਾ ਰਹੇ ਹਨ।

ਉਨ੍ਹਾਂ ਨੇ ਇਹ ਵੀ ਦੱਸਿਆ ਕਿ ਇਸ ਦੌਰਾਨ ਲਾਟਵੀਆ ਵਿੱਚ ਕੈਨੇਡੀਅਨ ਬ੍ਰਿਗੇਡ ਦੀ ਤਾਕਤ ਵੀ ਵਧਾਈ ਜਾਵੇਗੀ, ਜੋ ਕਿ ਨਾਟੋ ਦੀ ਸਾਂਝੀ ਸੁਰੱਖਿਆ ਨੂੰ ਮਜ਼ਬੂਤ ਕਰੇਗੀ।

ਕੈਨੇਡਾ ਲਾਟਵੀਆ ਵਿੱਚ ਲਗਭਗ 10 ਦੇਸ਼ਾਂ ਦੇ ਫੌਜੀਆਂ ਦੀ ਅਗਵਾਈ ਕਰ ਰਿਹਾ ਹੈ, ਜੋ ਸਿਰਫ਼ ਲਾਟਵੀਆ ਦੀ ਰੱਖਿਆ ਨੂੰ ਪੱਕਾ ਨਹੀਂ ਕਰ ਰਹੇ, ਸਗੋਂ ਉੱਥੇ ਫੌਜੀਆਂ ਦੀ ਟ੍ਰੇਨਿੰਗ ਵੀ ਕਰ ਰਹੇ ਹਨ।

ਬੀਤੇ ਦਿਨੀਂ ਬਰਲਿਨ ਵਿੱਚ ਪ੍ਰਧਾਨ ਮੰਤਰੀ ਕਾਰਨੀ ਨੇ ਕਿਹਾ ਸੀ ਕਿ ਰੂਸੀ ਰਾਸ਼ਟਰਪਤੀ ਪੁਤੀਨ ਯੂਕਰੇਨ ਦੇ ਰਾਸ਼ਟਰਪਤੀ ਜ਼ੈਲੈਂਸਕੀ ਨਾਲ ਸਿੱਧੀ ਗੱਲਬਾਤ ਕਰਨ ਤੋਂ ਡਰਦੇ ਹਨ। ਉਨ੍ਹਾਂ ਕਿਹਾ ਕਿ ਪੁਤੀਨ ਵੱਖ-ਵੱਖ ਸ਼ਰਤਾਂ ਰੱਖ ਰਹੇ ਹਨ ਅਤੇ ਗੱਲਬਾਤ ਤੋਂ ਬਚ ਰਹੇ ਹਨ।

# ਨੌਰਥ ਯੌਰਕ ਵਿੱਚ 2 ਪੈਦਲ ਯਾਤਰੀਆਂ ਨੂੰ ਵਾਹਨ ਨੇ ਮਾਰੀ ਟੱਕਰ, ਮੁਲਜ਼ਮ ’ਤੇ ਕਤਲ ਦੀ ਕੋਸ਼ਿਸ਼ ਦਾ ਚਾਰਜ



ਟੋਰਾਂਟੋ, 28 ਅਗਸਤ (ਪੋਸਟ ਬਿਊਰੋ): ਨੌਰਥ ਯੌਰਕ ਦੇ ਇੱਕ ਪਾਰਕਿੰਗ ਲਾਟ ਵਿੱਚ ਬੁੱਧਵਾਰ ਰਾਤ ਨੂੰ ਦੋ ਪੈਦਲ ਯਾਤਰੀਆਂ ਨੂੰ ਇੱਕ ਵਾਹਨ ਨੇ ਟੱਕਰ ਮਾਰ ਦਿੱਤੀ, ਜਿਸ ਨਾਲ ਉਹ ਜ਼ਖ਼ਮੀ ਹੋ ਗਏ। ਮਾਮਲੇ ਵਿਚ 33 ਸਾਲਾ ਵਿਅਕਤੀ 'ਤੇ ਕਤਲ ਦੀ ਕੋਸ਼ਿਸ਼ ਦਾ ਦੋਸ਼ ਲਾਇਆ ਗਿਆ ਹੈ। ਅਧਿਕਾਰੀਆਂ ਨੂੰ ਲਗਭਗ 10:20 ਵਜੇ ਮਾਮਲੇ ਬਾਰੇ ਸੂਚਨਾ ਮਿਲੀ। ਜਦੋਂ ਐਮਰਜੈਂਸੀ ਕਰੂ ਪਹੁੰਚੇ ਇੱਕ ਵਿਅਕਤੀ ਗੰਭੀਰ ਜ਼ਖਮੀ ਮਿ-ਲਿਆ, ਜਿਸਨੂੰ ਟਰਾਮਾ ਸੈਂਟਰ ਲਿਜ-ਾਇਆ ਗਿਆ। ਇੱਕ ਦੂਜੇ ਵਿਅਕਤੀ ਨੂੰ ਮਾਮੂਲੀ ਸੱਟਾਂ ਲੱਗੀਆਂ। ਪੁਲਿਸ ਨੇ ਦੱਸਿਆ ਕਿ ਪੀੜਤ ਇੱਕ 50 ਅਤੇ 28 ਸਾਲਾ ਵਿਅਕਤੀ ਹਨ। ਡਰਾਈਵਰ, ਜੋਕਿ ਮਾਰਖਮ ਦਾ ਰਹਿਣ ਵਾਲਾ ਹੈ, ਨੂੰ ਮੌਕੇ 'ਤੇ ਗ੍ਰਿਫਤਾਰ ਕਰ ਲਿਆ ਗਿਆ। ਉਸ 'ਤੇ ਕਤਲ ਦੀ ਕੋਸ਼ਿਸ਼, ਹਥਿਆਰ ਨਾਲ ਹਮਲਾ ਕਰਨ ਅਤੇ ਕਈ ਹੋਰ ਅਪਰਾਧਾਂ ਦੇ ਚਾਰਜਿਜ਼ ਲਾਏ ਗਏ ਹਨ। ਸ਼ੱਕੀ ਦਾ ਨਾਮ ਜਾਰੀ ਨਹੀਂ ਕੀਤਾ ਗਿਆ ਹੈ।

# ਕਾਲਜ ਸਕੁਏਅਰ ’ਤੇ ਕਰਿਆਨੇ ਦੀ ਦੁਕਾਨ ’ਚ ਬਜ਼ੁਰਗ ’ਤੇ ਚਾਕੂ ਨਾਲ ਹਮਲਾ, ਗੰਭੀਰ ਜ਼ਖਮੀ



ਓਟਵਾ, 28 ਅਗਸਤ (ਪੋਸਟ ਬਿਊਰੋ): ਓਟਵਾ ਦੇ ਪੱਛਮੀ ਏਂਡ 'ਤੇ ਕਾਲਜ ਸਕੁਏਅਰ 'ਤੇ ਕਰਿਆਨੇ ਦੀ ਦੁਕਾਨ ਦੇ ਅੰਦਰ ਇੱਕ 70 ਸਾਲਾ ਔਰਤ ’ਤੇ ਚਾਕੂ ਨਾਲ ਹਮਲਾ ਕੀਤਾ ਗਿਆ, ਜਿਸ ਨਾਲ ਉਹ ਗੰਭੀਰ ਜ਼ਖ਼ਮੀ ਹੋ ਗਈ। ਓਟਵਾ ਪੁਲਿਸ ਸਰਵਿਸ ਨੇ ਕਿਹਾ ਕਿ ਪੁਲਿਸ ਨੂੰ ਬੁੱਧਵਾਰ ਦੁਪਹਿਰ ਕਰੀਬ 1:35 ‘ਤੇ ਬੇਸਲਾਈਨ ਰੋਡ ਦੇ 1900 ਬਲਾਕ ਵਿੱਚ ਚਾਕੂ ਨਾਲ ਹਮਲਾ ਕਰਨ ਬਾਰੇ ਸੂਚਨਾ ਮਿਲੀ ਸੀ। ਪੀੜਤ ਔਰਤ ਆਪਣੇ ਇੱਕ ਦੋਸਤ ਨਾਲ ਸਟੋਰ ਵਿੱਚ ਦਾਖਲ ਹੋਈ ਸੀ। ਸਟੋਰ ਸਟਾਫ ਨੇ ਪੀੜਤ ਦੀ ਸਹਾਇਤਾ ਕੀਤੀ। ਸ਼ੱਕੀ ਨੂੰ ਮੌਕੇ 'ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਪੀੜਤ ਨੂੰ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਕਿਹਾ ਕਿ ਮੁਲਜ਼ਮ ਦੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

# ਕੈਲਗਰੀ ਦੀ ਮਹੋਗਨੀ ਝੀਲ ਵਿੱਚ ਦੋ ਵਿਅਕਤੀਆਂ ਦੀ ਡੁੱਬਣ ਨਾਲ ਮੌਤ



ਕੈਲਗਰੀ, 28 ਅਗਸਤ (ਪੋਸਟ ਬਿਊਰੋ): ਦੱਖਣ-ਪੂਰਬੀ ਕੈਲਗਰੀ ਵਿੱਚ ਮਹੋਗਨੀ ਝੀਲ ਵਿਚ ਦੋ ਵਿਅਕਤੀਆਂ ਦੀ ਡੁੱਬਣ ਨਾਲ ਮੌਤ ਹੋ ਗਈ। ਲਾਸ਼ਾਂ ਨੂੰ ਪਾਣੀ ਵਿੱਚੋਂ ਕੱਢ ਲਿਆ ਗਿਆ ਹੈ। ਪੁਲਿਸ ਨੇ ਕਿਹਾ ਕਿ ਚਸ਼ਮਦੀਦਾਂ ਨੇ ਪੀੜਤਾਂ ਨੂੰ ਪਾਣੀ ਵਿੱਚ ਸੰਘਰਸ਼ ਕਰਦੇ ਦੇਖਿਆ। ਕੈਲਗਰੀ ਫਾਇਰ ਡਿਪਾਰਟਮੈਂਟ ਦੀ ਪਾਣੀ ਬਚਾਅ ਟੀਮ ਦੇ ਗੋਤਾਖੋਰਾਂ ਨੇ ਜ਼ਮੀਨ 'ਤੇ ਐਮਰਜੈਂਸੀ ਸਹਾਇਤਾ ਅਤੇ ਹਵਾ ਵਿੱਚ ਐੱਚਏਡਬਲਿਊਸੀਐੱਸ ਦੀ ਸਹਾਇਤਾ ਨਾਲ ਭਾਲ ਕੀਤੀ। ਲਗਭਗ ਦੋ ਘੰਟੇ ਬਾਅਦ ਗੋਤਾਖੋਰਾਂ ਵੱਲੋਂ ਲਾਸ਼ਾਂ ਨੂੰ ਬਾਹਰ ਕੱਢ ਲਿਆ ਗਿਆ। ਪੁਲਿਸ ਹੁਣ ਰਿਸ਼ਤੇਦਾਰਾਂ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਵਿਚ ਹੈ।

# ਕਿਊਬੈਕ ਸਰਕਾਰ ਜਨਤਕ ਥਾਂਵਾਂ ’ਤੇ ਪ੍ਰਾਰਥਨਾ ਕਰਨ ’ਤੇ ਪਾਬੰਦੀ ਲਗਾਉਣ ਦੀ ਕਰ ਰਹੀ ਤਿਆਰੀ

ਪੰਨਾ 1 ਦਾ ਬਾਕੀ

ਇਸੇ ਕਾਰਨ, ਸਰਕਾਰ ਇਸ ਫ਼ੌਲ ਸੀਜ਼ਨ ਵਿੱਚ ਇੱਕ ਨਵਾਂ ਬਿੱਲ ਲਿਆਏਗੀ ਜਿਸ ਵਿੱਚ ਖਾਸ ਕਰਕੇ ਸੜਕਾਂ 'ਤੇ ਪ੍ਰਾਰਥਨਾ ਕਰਨ 'ਤੇ ਰੋਕ ਲਾਈ ਜਾਵੇਗੀ।

ਇਹ ਐਲਾਨ ਉਸ ਮੁਹਿੰਮ ਦਾ ਹਿੱਸਾ ਹੈ ਜੋ ਕੋਅਲੀਸ਼ਨ ਐਵੇਨਿਰ ਕਿਊਬੈਕ ਪਾਰਟੀ ਦੀ ਸਰਕਾਰ ਕਿਊਬੈਕ ਵਿੱਚ ਧਰਮ-ਨਿਰਪੱਖਤਾ ਨੂੰ ਵਧਾਉਣ ਲਈ ਕਰ ਰਹੀ ਹੈ।

ਇਸ ਤੋਂ ਪਹਿਲਾਂ ਇਹ ਸਰਕਾਰ ਇੱਕ ਐਸਾ ਕਾਨੂੰਨ ਵੀ ਲਿਆ ਚੁੱਕੀ ਹੈ ਜਿਸ ਤਹਿਤ ਇੰਮੀਗ੍ਰੈਂਟਾਂ ਨੂੰ ਸੂਬੇ ਦਾ ਸਾਂਝਾ ਸੱਭਿਆਚਾਰ ਅਪਣਾਉਣਾ ਪੈਂਦਾ ਹੈ ਅਤੇ ਇੱਕ ਹੋਰ ਬਿੱਲ ਲਿਆਂਦਾ ਗਿਆ ਹੈ ਜੋ ਧਾਰਮਿਕ ਚਿੰਨ੍ਹ ਪਹਿਨਣ 'ਤੇ ਰੋਕ ਵਾਲੇ ਕਾਨੂੰਨ ਦੇ ਦਾਇਰੇ ਵਿਚ ਸਕੂਲਾਂ ਦੇ ਸਹਾਇਕ ਮੁਲਾਜ਼ਮਾਂ ਨੂੰ ਵੀ ਲਿਆਂਦਾ ਹੈ।

ਹਾਲਾਂਕਿ ਮੰਤਰੀ ਰੌਬਰਜ ਨੇ ਹਜੇ ਤੱਕ ਇਹ ਨਹੀਂ ਦੱਸਿਆ ਕਿ ਇਹ ਨਵਾਂ ਕਾਨੂੰਨ ਅਮਲ ਵਿੱਚ ਕਿਵੇਂ ਲਿਆਇਆ ਜਾਵੇਗਾ, ਪਰ ਪ੍ਰੀਮੀਅਰ ਫ੍ਰੈਂਸੁਆ ਲਿਗੋਅ ਨੇ ਪਹਿਲਾਂ ਕਿਹਾ ਸੀ ਕਿ ਜੇ ਲੋੜ ਪਈ ਤਾਂ ਉਹ ਨੌਟਵਿਥਸਟੈਂਡਿੰਗ ਕਲੌਜ਼ ਵੀ ਵਰਤ ਸਕਦੇ ਹਨ ਜਿਸ ਰਾਹੀਂ ਕਿਸੇ ਵੀ ਕਾਨੂੰਨ ਨੂੰ ਸੰਵਿਧਾਨਕ ਚੁਣੌਤੀਆਂ ਤੋਂ ਬਚਾਇਆ ਜਾ ਸਕਦਾ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA
Professional Corporation
214-7895 Tranmere Drive, Mississauga ON L5S 1V9

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ShergGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

# ਦੋ ਔਰਤਾਂ ਨੂੰ ਅਗਵਾ ਕਰਨ ਦੀ ਕੋਸ਼ਿਸ਼ ਮਾਮਲੇ ਵਿੱਚ ਇੱਕ ਗ੍ਰਿਫ਼ਤਾਰ, ਦੋ ਹੋਰ ਲੋੜੀਂਦੇ

ਟੋਰਾਂਟੋ, 28 ਅਗਸਤ (ਪੋਸਟ ਬਿਊਰੋ) : ਇੱਕ ਸ਼ੱਕੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਦੋ ਹੋਰ ਅਜੇ ਵੀ ਫਰਾਰ ਹਨ ਕਿਉਂਕਿ ਪੁਲਿਸ ਦਾ ਕਹਿਣਾ ਹੈ ਕਿ ਮਿਸੀਸਾਗਾ ਵਿੱਚ ਜੂਨ ਵਿੱਚ ਤਿੰਨ ਨਕਾਬਪੋਸ਼ ਵਿਅਕਤੀਆਂ ਵੱਲੋਂ ਦੋ ਔਰਤਾਂ ਨੂੰ ਅਗਵਾ ਕਰਨ ਦੀ ਕੋਸ਼ਿਸ਼ ਮਾਮਲੇ 'ਚ 1 ਸ਼ੱਕੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਦਕਿ ਦੋ ਹੋਰ ਲੋੜੀਂਦੇ ਹਨ।



ਪੁਲਿਸ ਦੇ ਅਨੁਸਾਰ, 24 ਜੂਨ ਨੂੰ ਰਾਤ 10:20 ਵਜੇ ਦੇ ਕਰੀਬ ਦੋ ਔਰਤਾਂ ਬ੍ਰਿਟਾਨੀਆ ਰੋਡ ਵੈਸਟ ਅਤੇ ਕਵੀਨ ਸਟਰੀਟ ਸਾਊਥ ਦੇ ਖੇਤਰ ਵਿੱਚ ਸੈਰ ਕਰ ਰਹੀਆਂ ਸਨ, ਜਦੋਂ ਸ਼ੱਕੀ ਉਨ੍ਹਾਂ ਕੋਲ ਆਏ ਅਤੇ ਹਲਕੇ ਰੰਗ ਦੀ ਔਡੀ ਐੱਸਯੂਵੀ ਨਾਲ ਲੁਭਾਉਣ ਦੀ ਕੋਸ਼ਿਸ਼ ਕੀਤੀ। ਸ਼ੱਕੀਆਂ ਨੇ ਪੀੜਤਾਂ ਦਾ ਪਿੱਛਾ ਕੀਤਾ ਅਤੇ ਉਨ੍ਹਾਂ ਨੂੰ ਫੜਨ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਇੱਕ ਰਾਹਗੀਰ ਨੇ ਦਖ਼ਲ ਦਿੱਤਾ ਅਤੇ ਸ਼ੱਕੀ ਪੱਛਮ ਵੱਲ ਚਲੇ ਗਏ। ਪੀੜਤਾਂ ਨੂੰ ਕੋਈ ਸੱਟ ਨਹੀਂ ਲੱਗੀ। ਜਾਂਚ ਤੋਂ ਬਾਅਦ, ਪੁਲਿਸ ਨੇ ਕਿਹਾ ਕਿ ਇਟੋਬੀਕੋਕ ਦੇ 26 ਸਾਲਾ ਵਲੀਦ ਖਾਨ ਨੂੰ ਘਟਨਾ ਦੇ ਸਬੰਧ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ।

ਮੁਲਜ਼ਮ 'ਤੇ ਅਗਵਾ, ਹਥਿਆਰਾਂ ਅਤੇ ਕਾਰ ਚੋਰੀ ਨਾਲ ਸਬੰਧਤ 33 ਅਪਰਾਧਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੁਲਿਸ ਨੇ ਕਿਹਾ ਕਿ ਸ਼ੱਕੀ ਦੇ ਘਰ ਦੀ ਤਲਾਸ਼ੀ ਦੌਰਾਨ ਅਧਿਕਾਰੀਆਂ ਨੇ ਦੋ ਲੋਡ ਕੀਤੇ ਵਰਜਿਤ ਹਥਿਆਰ ਵੀ ਜ਼ਬਤ ਕੀਤੇ। ਗ੍ਰਿਫਤਾਰੀ ਸਮੇਂ, ਖਾਨ ਪਹਿਲਾਂ ਦੇ ਹਿੰਸਕ ਅਪਰਾਧਾਂ ਲਈ ਪ੍ਰੋਬੇਸ਼ਨ 'ਤੇ ਸੀ ਅਤੇ ਉਸ ਨੂੰ ਹਥਿਆਰ ਰੱਖਣ ਦੀ ਮਨ੍ਹਾਹੀ ਸੀ। ਘਟਨਾ ਵਿੱਚ ਸ਼ਾਮਲ ਵਾਹਨ ਅਜੇ ਤੱਕ ਬਰਾਮਦ ਨਹੀਂ ਕੀਤਾ ਗਿਆ ਹੈ।



ਜਾਂਚਕਰਤਾਵਾਂ ਨੇ ਬਾਕੀ ਸ਼ੱਕੀਆਂ ਦੀ ਪਛਾਣ ਅਤੇ ਸਥਾਨ ਸਮੇਤ ਜਾਂਚ ਬਾਰੇ ਜਾਣਕਾਰੀ ਵਾਲੇ ਕਿਸੇ ਵੀ ਵਿਅਕਤੀ ਨੂੰ 11 ਡਿਵੀਜ਼ਨ ਅਪਰਾਧਿਕ ਜਾਂਚ ਬਿਊਰੋ ਨਾਲ 905-453-2121, ਐਕਸਟੈਂਸ਼ਨ 1133 'ਤੇ ਸੰਪਰਕ ਕਰਨ ਦੀ ਅਪੀਲ ਕੀਤੀ ਹੈ।

## ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਪੰਜਾਬ ਦੇ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਆਪਣੀ ਇੱਕ ਮਹੀਨੇ ਦੀ ਤਨਖਾਹ ਦਾਨ ਕਰਨ ਦਾ ਐਲਾਨ

### ਸਪੀਕਰ ਵੱਲੋਂ ਲੋਕਾਂ ਨੂੰ ਹੜ੍ਹ ਪ੍ਰਭਾਵਿਤ ਲੋਕਾਂ ਲਈ ਰੋਜ਼ਾਨਾ ਜ਼ਰੂਰਤ ਦੀ ਸਮੱਗਰੀ ਮੁਹੱਈਆ ਕਰਵਾਉਣ ਦੀ ਅਪੀਲ

ਚੰਡੀਗੜ੍ਹ 28 ਅਗਸਤ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਜੋ ਮਨੁੱਖਤਾ ਦੀ ਭਲਾਈ ਲਈ ਯਤਨਸ਼ੀਲ ਭਾਈ ਘਨੱਈਆ ਕੈਂਸਰ ਪ੍ਰੀਵੈਂਸ਼ਨ ਸਰਵਿਸ ਸੋਸਾਇਟੀ ਅਤੇ ਗੁੱਡ ਮਾਰਨਿੰਗ ਵੈਲਫੇਅਰ ਕਲੱਬ, ਕੋਟਕਪੂਰਾ ਵਰਗੀਆਂ ਲੋਕ ਭਲਾਈ ਸੰਸਥਾਵਾਂ ਨਾਲ ਜੁੜੇ ਹੋਏ ਹਨ, ਨੇ ਪੰਜਾਬ ਦੇ ਹੜ੍ਹ ਪ੍ਰਭਾਵਿਤ ਪੀੜਤਾਂ ਦੀ ਮਦਦ ਲਈ ਆਪਣੀ ਇੱਕ ਮਹੀਨੇ ਦੀ ਤਨਖਾਹ ਦਾਨ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਸਾਡੇ ਗੁਰੂਆਂ ਨੇ ਸਾਨੂੰ ਮੁਸ਼ਕਿਲ ਸਮੇਂ ਲੋਕਾਂ ਦੀ ਸਹਾਇਤਾਂ ਕਰਨ ਦੀ ਪ੍ਰੇਰਨਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਅਤੇ ਲੋੜਵੰਦਾਂ ਦੀ ਸਹਾਇਤਾ ਲਈ ਪੰਜਾਬ ਦੇ ਕੋਨੇ-ਕੋਨੇ ਤੱਕ ਪਹੁੰਚਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।



ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹੜ੍ਹਾਂ ਕਾਰਨ ਮਨੁੱਖ, ਜਾਨਵਰ, ਫਸਲਾਂ ਅਤੇ ਹਰ ਤਰ੍ਹਾਂ ਦੀ ਬਨਸਪਤੀ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਮਨੁੱਖਤਾ ਨੂੰ ਪਿਆਰ ਕਰਨ ਵਾਲੇ ਲੋਕਾਂ ਨੂੰ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਖੁੱਲ੍ਹੇ ਦਿਲ ਨਾਲ ਯੋਗਦਾਨ ਪਾਉਣ ਅਤੇ 2 ਸਤੰਬਰ ਤੋਂ ਪਹਿਲਾਂ ਰਾਸ਼ਨ, ਦਵਾਈਆਂ, ਪੀਣ ਵਾਲਾ ਪਾਣੀ, ਆਟੇ ਦੀਆਂ ਬੋਰੀਆਂ, ਦਾਲਾਂ, ਜਾਨਵਰਾਂ ਲਈ ਚਾਰਾ ਆਦਿ ਦਾਨ ਕਰਨ ਲਈ ਅਪੀਲ ਕੀਤੀ।

ਉਨ੍ਹਾਂ ਅੱਗੇ ਦੱਸਿਆ ਕਿ ਯੋਗਦਾਨ ਪਾਉਣ ਦੇ ਚਾਹਵਾਨ ਲੋਕ ਮਾਰਕੀਟ ਕਮੇਟੀ ਕੋਟਕਪੂਰਾ ਦੇ ਚੇਅਰਮੈਨ ਗੁਰਮੀਤ ਸਿੰਘ ਆਰੇਵਾਲਾ ਨਾਲ ਮੋਬਾਈਲ ਨੰਬਰ 9814226862 'ਤੇ ਅਤੇ ਮੇਹਰ ਸਿੰਘ ਚੰਨੀ ਨਾਲ ਮੋਬਾਈਲ ਨੰਬਰ-9501100225 'ਤੇ ਸੰਪਰਕ ਕਰ ਸਕਦੇ ਹਨ।

ਚੇਅਰਮੈਨ ਗੁਰਮੀਤ ਸਿੰਘ ਅਤੇ ਮੇਹਰ ਸਿੰਘ ਚੰਨੀ ਨੇ ਕਿਹਾ ਕਿ ਸਪੀਕਰ ਵੱਲੋਂ ਪਹਿਲਾਂ ਕੀਤੇ ਗਏ ਐਲਾਨ ਮੁਤਾਬਕ ਦਰਿਆ ਦੇ ਕੰਢਿਆਂ ਨੂੰ ਮਜ਼ਬੂਤ ਕਰਨ ਲਈ ਡੀਜ਼ਲ ਸੇਵਾ ਲਈ 10 ਲੱਖ ਰੁਪਏ ਦੀ ਰਾਸ਼ੀ ਵੀ ਦਾਨ ਕੀਤੀ ਗਈ ਹੈ।

## 'ਖੇਡਾਂ ਵਤਨ ਪੰਜਾਬ ਦੀਆਂ'

### ਸੀਜ਼ਨ-4 ਦੀ ਮਸ਼ਾਲ ਮੋਗਾ ਪਹੁੰਚਣ 'ਤੇ ਵਿਧਾਇਕ ਤੇ ਡਿਪਟੀ ਕਮਿਸ਼ਨਰ ਨੇ ਕੀਤਾ ਸ਼ਾਨਦਾਰ ਸਵਾਗਤ





### ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਕਰ ਰਹੀ ਹਰ ਯੋਗ ਉਪਰਾਲੇ : ਵਿਧਾਇਕ ਧਰਮਕੋਟ

ਮੋਗਾ, 28 ਅਗਸਤ (ਗਿਆਨ ਸਿੰਘ): ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਅਤੇ ਖੇਡ ਸੱਭਿਆਚਾਰ ਪੈਦਾ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਤਿੰਨ ਸਾਲ ਦੀ ਸਫਲਤਾ ਤੋਂ ਬਾਅਦ ਸੀਜ਼ਨ-4 ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇਸ ਵਾਰ ਵੀ ਮਸ਼ਾਲ ਮਾਰਚ ਸ਼ੁਰੂ ਕੀਤਾ ਗਿਆ ਹੈ। ਇਹ ਮਸ਼ਾਲ ਅੱਜ ਜ਼ਿਲ੍ਹਾ ਮੋਗਾ ਵਿੱਚ ਪ੍ਰਵੇਸ਼ ਕੀਤੀ। ਜਿਸ ਦਾ ਧਰਮਕੋਟ ਵਿਖੇ ਹਲਕਾ ਵਿਧਾਇਕ ਸ੍ਰ. ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਵਿੱਚ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਉਹਨਾਂ ਜ਼ਿਲ੍ਹਾ ਖੇਡ ਅਫ਼ਸਰ ਮੋਗਾ ਨਾਲ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਅਤੇ ਖਿਡਾਰੀ ਹਾਜ਼ਰ ਸਨ।

ਵਿਧਾਇਕ ਦਵਿੰਦਰਜੀਤ ਸਿੰਘ ਨੇ ਦੱਸਿਆ ਕਿ ਖੇਡਾਂ ਦੀ ਰਵਾਇਤ ਮੁਤਾਬਕ ਖੇਡਾਂ ਵਤਨ ਪੰਜਾਬ ਦੀਆਂ ਦੇ ਸੀਜ਼ਨ-4 ਦੇ ਉਦਘਾਟਨੀ ਸਮਾਰੋਹ ਮੌਕੇ ਜਲਾਈ ਜਾਣ ਵਾਲੀ ਮਸ਼ਾਲ ਨੂੰ ਪੂਰੇ ਪੰਜਾਬ ਵਿੱਚ ਹਰ ਜ਼ਿਲਾ ਹੈਡਕੁਆਟਰ ਵਿੱਚ ਲਿਜਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਹਨਾਂ ਖੇਡਾਂ ਤਹਿਤ ਬਲਾਕ ਪੱਧਰੀ ਖੇਡਾਂ 8 ਸਤੰਬਰ ਤੋਂ 15 ਸਤੰਬਰ ਤੱਕ, ਜ਼ਿਲ੍ਹਾ ਪੱਧਰੀ ਖੇਡਾਂ 25 ਸਤੰਬਰ ਤੋਂ 5 ਅਕਤੂਬਰ ਤੱਕ ਅਤੇ ਰਾਜ ਪੱਧਰੀ ਖੇਡਾਂ ਤਿੰਨ ਗੇੜਾਂ ਵਿੱਚ ਆਯੋਜਿਤ ਹੋਣਗੀਆਂ। ਜਿੰਨਾ ਦੀ ਤਰੀਕ ਬਾਅਦ ਵਿੱਚ ਘੋਸ਼ਿਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੋਗਾ ਵਿਖੇ 3 ਸਤੰਬਰ ਤੋਂ ਫੁੱਟਬਾਲ, ਐਥਲੈਟਿਕ, ਖੋਹ ਖੋਹ, ਵਾਲੀਬਾਲ, ਸੂਟਿੰਗ, ਸਮੈਸ਼ਿੰਗ ਅਤੇ ਕਬੱਡੀ ਦੇ ਮੁਕਾਬਲੇ ਕਰਵਾਏ ਜਾਣਗੇ।

ਉਨ੍ਹਾਂ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' ਦੀ ਇਹ ਮਸ਼ਾਲ ਪੂਰੇ ਪੰਜਾਬ ਵਿੱਚ ਮਾਰਚ ਕਰਨ ਤੋਂ ਬਾਅਦ ਹੁਸ਼ਿਆਰਪੁਰ ਵਿਖੇ 3 ਸਤੰਬਰ ਨੂੰ ਪਹੁੰਚੇਗੀ ਜਿੱਥੇ ਖੇਡਾਂ ਦੇ ਚੌਥੇ ਸੀਜ਼ਨ ਦਾ ਉਦਘਾਟਨ ਹੋਵੇਗਾ। ਹਰ ਜ਼ਿਲਾ ਹੈਡਕੁਆਟਰ ਉਤੇ ਮਸ਼ਾਲ ਮਾਰਚ ਵਿੱਚ ਸਥਾਨਕ ਉੱਘੇ ਖਿਡਾਰੀ, ਖੇਡ ਵਿਭਾਗ ਦੇ ਕਰਮਚਾਰੀ, ਸਥਾਨਕ ਨੁਮਾਇੰਦੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਸ਼ਾਮਲ ਹੋਣਗੇ।

ਅੱਜ ਇਹ ਮਸ਼ਾਲ ਪਿੰਡ ਕਾਲੇ-ਕੇ, ਧਰਮਕੋਟ ਤੋਂ ਹੁੰਦੀ ਹੋਈ ਬੱਸ ਸਟੈਂਡ ਮੋਗਾ ਤੇ ਗੋਧੇਵਾਲਾ ਵਿਖੇ ਪਹੁੰਚੀ, ਜਿੱਥੋਂ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਦੀ ਅਗਵਾਈ ਵਿੱਚ ਮਸ਼ਾਲ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਉਹਨਾਂ ਨਾਲ ਮੇਅਰ ਨਿਗਰ ਨਿਗਮ ਬਲਜੀਤ ਸਿੰਘ ਚਾਨੀ, ਵਧੀਕ ਡਿਪਟੀ ਕਮਿਸ਼ਨਰ (ਜ) ਚਾਰੂਮਿਤਾ ਤੇ ਹੋਰ ਅਧਿਕਾਰੀ ਹਾਜਰ ਸਨ।

ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਖਿਡਾਰੀਆਂ ਨੂੰ ਪੂਰੇ ਜੋਸ਼ ਦੀ ਭਾਵਨਾ ਨਾਲ ਇਹਨਾਂ ਖੇਡਾਂ ਦਾ ਹਿੱਸਾ ਬਣਨ ਲਈ ਪ੍ਰੇਰਿਆ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸ਼ਨ ਮੋਗਾ ਵੱਲੋਂ ਇਹਨਾਂ ਖੇਡਾਂ ਨੂੰ ਪੂਰੇ ਪ੍ਰਭਾਵਸ਼ਾਲੀ ਤਰੀਕੇ ਨਾਲ ਆਯੋਜਿਤ ਕਰਵਾਉਣ ਲਈ ਹਰੇਕ ਪੁਖਤਾ ਪ੍ਰਬੰਧ ਕੀਤੇ ਜਾਣਗੇ ਤਾਂ ਕਿ ਕਿਸੇ ਵੀ ਖਿਡਾਰੀ ਨੂੰ ਇਹਨਾਂ ਖੇਡਾਂ ਦਰਮਿਆਨ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਹਨਾਂ ਦੱਸਿਆ ਕਿ 29 ਅਗਸਤ ਨੂੰ ਇੱਥੋਂ ਹੀ ਮਸ਼ਾਲ ਨੂੰ ਜ਼ਿਲ੍ਹਾ ਲੁਧਿਆਣਾ ਲਈ ਰਵਾਨਾ ਕੀਤਾ ਜਾਵੇਗਾ। ਉਹਨਾਂ ਉਮੀਦ ਜਤਾਈ ਕਿ ਜ਼ਿਲ੍ਹਾ ਮੋਗਾ ਦੇ ਖਿਡਾਰੀ ਪਿਛਲੀ ਵਾਰ ਦੀ ਤਰ੍ਹਾਂ ਇਸ ਵਾਰ ਵੀ ਇਹਨਾਂ ਖੇਡਾਂ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕਰਨਗੇ ਅਤੇ ਜ਼ਿਲ੍ਹਾ ਮੋਗਾ ਦਾ ਨਾਮ ਰੌਸ਼ਨ ਕਰਨਗੇ। ਡਿਪਟੀ ਕਮਿਸ਼ਨਰ ਵੱਲੋਂ ਇਸ ਮੌਕੇ ਖਿਡਾਰੀਆਂ ਨੂੰ ਖੇਡਾਂ ਦਾ ਸਮਾਨ ਵੰਡ ਕੇ ਉਹਨਾਂ ਦੀ ਹੌਂਸਲਾ ਅਫਜਾਈ ਵੀ ਕੀਤੀ।






# ਲੌਰੇਲ ਕਰੈਸਟ ਕਲੱਬ ਨੇ ਕੀਤੀ ਮੀਟਿੰਗ, ਪਾਰਕ ਵਿੱਚ ਨਵੀਆਂ ਸੁਵਿਧਾਵਾਂ ਦੇ ਕੀਤੇ ਵਾਅਦੇ



ਬਰੈਂਪਟਨ, 26 ਅਗਸਤ (ਗੁਰਮੀਤ ਸੁਖਪੁਰਾ): ਲੌਰੇਲ ਕਰੈਸਟ ਕਲੱਬ (Laurel Crest Club Brampton) ਵੱਲੋਂ ਐਸੋਸੀਏਸ਼ਨ ਆਫ ਸੀਨੀਅਰਜ਼ ਕਲੱਬ ਦੇ ਪ੍ਰਧਾਨ ਜੰਗੀਰ ਸਿੰਘ ਸੈਹਿੰਬੀ ਅਤੇ ਕੌਂਸਲਰ Rod Power ਦੇ ਅਸਿਸਟੈਂਟ ਸਰਬਜੀਤ ਬੈਂਸ ਨਾਲ ਇੱਕ ਖ਼ਾਸ ਮੀਟਿੰਗ ਪਾਰਕ ਵਿੱਚ ਆਯੋਜਿਤ ਕੀਤੀ ਗਈ।

ਮੀਟਿੰਗ ਦੌਰਾਨ ਕਲੱਬ ਦੇ ਨੁਮਾਇੰਦਿਆਂ ਗੁਰਮੀਤ ਸਿੰਘ ਸੁਖਪੁਰ ਅਤੇ ਹੋਰ ਮੈਂਬਰਾਂ ਨੇ ਪਾਰਕ ਵਿੱਚ ਵੱਡੇ ਗਜੀਬੋ, ਬਾਥਰੂਮ ਅਤੇ ਬੈਠਣ ਲਈ ਬੈਂਚਾਂ ਦੀ ਮੰਗ ਰੱਖੀ। ਦੋਨਾਂ ਨੁਮਾਇੰਦਿਆਂ ਨੇ ਇਹ ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦਿੰਦਿਆਂ ਕਿਹਾ ਕਿ ਬੈਂਚ ਜਲਦੀ ਲਗਾਏ ਜਾਣਗੇ, ਵੱਡੇ ਆਕਾਰ ਦਾ ਗਜੀਬੋ ਬਣਾਇਆ ਜਾਵੇਗਾ ਅਤੇ ਮਾਰਚ ਮਹੀਨੇ ਤੋਂ ਪੋਰਟੇਬਲ ਬਾਥਰੂਮ ਵੀ ਲਗਾਏ ਜਾਣਗੇ।

ਸਰਬਜੀਤ ਬੈਂਸ ਨੇ ਖ਼ੁਦ ਪਾਰਕ ਦਾ ਮੁਆਇਨਾ ਕਰਕੇ ਯਕੀਨ ਦਿਵਾਇਆ ਕਿ ਪ੍ਰੋਜੈਕਟ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ।

ਅੰਤ ਵਿੱਚ ਕਲੱਬ ਵੱਲੋਂ ਬਰਜਿੰਦਰ ਸਿੰਘ ਬਰਾੜ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਅੱਜ ਦੀ ਮੀਟਿੰਗ ਵਿੱਚ ਬਖ਼ਸ਼ੀਸ਼ ਸਿੰਘ, ਕੁਲਵੰਤ ਸਿੰਘ, ਕਰਿਸਨ, ਦਨੇਸ ਕੁਮਾਰ, ਮੈਡਮ ਅਲਕਾ, ਸਤਵਿੰਦਰ ਕੌਰ ਮਾਨ, ਮੈਡਮ ਵੀਨਾ ਚਤੁਰਵੇਦੀ, ਉੱਤਮ ਕੌਰ ਰਾਜ ਰਾਣੀ (ਪਤਨੀ ਧਰਮਾਂ ਲੁਧਿਆਣਾ) ਆਦਿ ਨੇ ਵੀ ਹਾਜ਼ਰੀ ਲਗਾਈ। ਮੀਟਿੰਗ ਵਿੱਚ ਇਹ ਮਹੱਤਵਪੂਰਨ ਫੈਸਲਾ ਵੀ ਕੀਤਾ ਗਿਆ ਕਿ ਕਲੱਬ ਦਾ ਵਿਸਥਾਰ ਕਰਨ ਲਈ ਕੱਲ ਤੋਂ ਡੋਰ-ਟੂ-ਡੋਰ ਮੈਂਬਰਸ਼ਿਪ ਮੁਹਿੰਮ ਸ਼ੁਰੂ ਕੀਤੀ ਜਾਵੇਗੀ।

# ਸੀਸੀਟੀ-ਸੀਜੀਸੀ ਲਾਂਡਰਾਂ ਦੇ ਐਨਸੀਸੀ ਕੈਡੇਟ ਵੱਲੋਂ ਰਾਸ਼ਟਰੀ ਸ਼ੂਟਿੰਗ ਚੈਂਪੀਅਨਸ਼ਿਪ ’ਚ ਸ਼ਾਨਦਾਰ ਪ੍ਰਦਰਸ਼ਨ

ਚੰਡੀਗੜ੍ਹ, 28 ਅਗਸਤ (ਪੋਸਟ ਬਿਊਰੋ): ਚੰਡੀਗੜ੍ਹ ਕਾਲਜ ਆਫ਼ ਟੈਕਨਾਲੋਜੀ (ਸੀਸੀਟੀ), ਸੀਜੀਸੀ ਲਾਂਡਰਾਂ ਦੇ ਬੀਸੀਏ ਵਿਦਿਆਰਥੀ ਅੰਡਰ ਅਫ਼ਸਰ ਚੇਤਨ ਨੇ 5 ਤੋਂ 19 ਅਗਸਤ 2025 ਤੱਕ ਮਹਾਰਾਸ਼ਟਰ ਦੇ ਕੋਲਹਾਪੁਰ ‘ਚ ਚੱਲ ਰਹੇ ਰਾਸ਼ਟਰੀ ਪੱਧਰ ਦੇ ਇੰਟਰ ਡਾਇਰੈਕਟੋਰੇਟ ਸਪੋਰਟਸ ਸ਼ੂਟਿੰਗ ਮੁਕਾਬਲੇ (ਆਈਡੀਐਸਐਸਸੀ 2025) ‘ਚ ਆਪਣੀ ਵੱਖਰੀ ਪਛਾਣ ਬਣਾਈ ਹੈ।

ਕੈਡੇਟ ਚੇਤਨ ਨੇ ਮਿਨੀਮਮ ਕਵਾਲੀਫਿਕੇਸ਼ਨ ਸਕੋਰ (ਐਮਕਿਊਐਸ) ਪ੍ਰਾਪਤ ਕਰਕੇ ਪ੍ਰਤਿਸ਼ਠਾਵਾਨ ਜੀਵੀ ਮਾਵਲੰਕਰ ਸ਼ੂਟਿੰਗ ਚੈਂਪੀਅਨਸ਼ਿਪ ‘ਚ ਆਪਣਾ ਸਥਾਨ ਪ੍ਰਾਪਤ ਕੀਤਾ। ਇਹ ਉਸਦੀ ਦੂਜੀ ਰਾਸ਼ਟਰੀ ਪੱਧਰ ਦੀ ਪ੍ਰਾਪਤੀ ਹੈ ਜੋ ਉਸ ਦੇ ਅਨੁਸ਼ਾਸਨ, ਹੁਨਰ ਅਤੇ ਨਿਰੰਤਰ ਪ੍ਰਦਰਸ਼ਨ ਨੂੰ ਦਰਸਾਉਂਦੀ ਹੈ। ਇਸ ਕੈਡੇਟ ਦੀ ਯਾਤਰਾ ਅਨੁਭਵ ਅਤੇ ਵਚਨਬੱਧਤਾ ਦੀ ਇੱਕ ਮਜ਼ਬੂਤ ਨੀਂਹ ਨੂੰ ਦਰਸਾਉਂਦੀ ਹੈ।

ਜ਼ਿਕਰਯੋਗ ਹੈ ਕਿ ਉਨ੍ਹਾਂ ਨੇ ਭਾਰਤ ਭਰ ‘ਚ 20 ਤੋਂ ਵੱਧ ਐਨਸੀਸੀ ਕੈਂਪਾਂ ‘ਚ ਹਿੱਸਾ ਲਿਆ ਹੈ, ਜਿਸ ‘ਚ ਤਾਮਿਲਨਾਡੂ ‘ਚ ਆਈਡੀਐਸਐਸਸੀ-2024 ਵੀ ਸ਼ਾਮਲ ਹੈ। ਉਨ੍ਹਾਂ ਦੇ ਯੋਗਦਾਨ ਨੂੰ ਪਹਿਲਾਂ ਉਦੋਂ ਮਾਨਤਾ ਦਿੱਤੀ ਸੀ ਜਦੋਂ ਉਸਨੂੰ 5 ਮਾਰਚ 2025 ਨੂੰ ਐਨਸੀਸੀ ਗਰੁੱਪ ਹੈੱਡਕੁਆਰਟਰ, ਪਟਿਆਲਾ ਵਿਖੇ ਮੇਜਰ ਜਨਰਲ ਜੇਐਸ ਚੀਮਾ, ਏਡੀਜੀ, ਐਨਸੀਸੀ (ਪੰਜਾਬ, ਹਰਿਆਣਾ, ਹਿਮਾਚਲ ਅਤੇ ਚੰਡੀਗੜ੍ਹ ਡਾਇਰੈਕਟੋਰੇਟ) ਵੱਲੋਂ ਪ੍ਰਸ਼ੰਸਾ ਸਰਟੀਫਿਕੇਟ (ਸਰਟੀਫਿਕੇਟ ਆਫ ਐਪਰਿਸੀਏਸ਼ਨ) ਪ੍ਰਾਪਤ ਹੋਇਆ।

ਉਨ੍ਹਾਂ ਨੂੰ ਵਧਾਈ ਦਿੰਦਿਆਂ ਸੀਜੀਸੀ ਲਾਂਡਰਾਂ ਦੇ ਕੈਂਪਸ ਡਾਇਰੈਕਟਰ ਡਾ.ਰਾਜਦੀਪ ਸਿੰਘ ਨੇ ਕਿਹਾ ਕਿ ਚੇਤਨ ਦੀ ਸਫਲਤਾ ਸੰਸਥਾ ਲਈ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਦੀ ਲਗਨ ਅਤੇ ਸਮਰਪਣ ਐਨਸੀਸੀ ਦੀ ਭਾਵਨਾ ਨੂੰ ਦਰਸਾਉਂਦੇ ਹਨ ਅਤੇ ਸਾਥੀ ਕੈਡਿਟਾਂ ਨੂੰ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਦੇ ਹਨ। ਧੰਨਵਾਦ ਪ੍ਰਗਟ ਕਰਦਿਆਂ ਕੈਡੇਟ ਚੇਤਨ ਨੇ ਕਿਹਾ ਕਿ ਰਾਸ਼ਟਰੀ ਪੱਧਰ ’ਤੇ ਆਪਣੇ ਕਾਲਜ ਅਤੇ ਯੂਨਿਟ ਦੀ ਨੁਮਾਇੰਦਗੀ ਕਰਨਾ ਇੱਕ ਸਨਮਾਨ ਦੀ ਗੱਲ ਹੈ।

ਇਹ ਪ੍ਰਾਪਤੀ ਨਿਰੰਤਰ ਯਤਨਾਂ, ਸਲਾਹਕਾਰਾਂ ਦੇ ਮਾਰਗਦਰਸ਼ਨ ਅਤੇ ਐਨਸੀਸੀ ਅਤੇ ਸੰਸਥਾ, ਸੀਜੀਸੀ ਲਾਂਡਰਾਂ ਦੁਆਰਾ ਪ੍ਰਦਾਨ ਕੀਤੇ ਗਏ ਮੌਕਿਆਂ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਉਹ ਇਸ ਯਾਤਰਾ ਨੂੰ ਉਸੇ ਦ੍ਰਿੜਤਾ ਅਤੇ ਧਿਆਨ ਨਾਲ ਜਾਰੀ ਰੱਖਣ ਲਈ ਵਚਨਬੱਧ ਹਾਂ। ਅੰਡਰ ਅਫ਼ਸਰ ਚੇਤਨ ਦੀ ਪ੍ਰਾਪਤੀ ਸੀਸੀਟੀ-ਸੀਜੀਸੀ ਲਾਂਡਰਾਂ, ਐਨਸੀਸੀ ਯੂਨਿਟ ਅਤੇ ਵੱਡੇ ਪੱਧਰ ’ਤੇ ਡਾਇਰੈਕਟੋਰੇਟ ਲਈ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਉਨ੍ਹਾਂ ਦੀ ਪ੍ਰਾਪਤੀ ਅਨੁਸ਼ਾਸਨ, ਲਚਕਤਾ ਅਤੇ ਵਚਨਬੱਧਤਾ ਦੀ ਪਰਿਵਰਤਨਸ਼ੀਲ ਭੂਮਿਕਾ ਦਾ ਪ੍ਰਮਾਣ ਹੈ ਜੋ ਭਵਿੱਖ ਦੇ ਆਗੂਆਂ ਨੂੰ ਆਕਾਰ ਦੇਣ ਵਿੱਚ ਸਹਾਇਕ ਹੈ।

# 8 ਸਤੰਬਰ ਤੱਕ ਚੱਲੇਗਾ ਕੌਮੀ ਅੱਖਾਂ ਦਾਨ ਪੰਦਰਵਾੜਾ



ਮੋਗਾ, 28 ਅਗਸਤ (ਗਿਆਨ ਸਿੰਘ): ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਡਾਕਟਰ ਬਲਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਮੋਗਾ ਵੱਲੋਂ ਕੌਮੀ ਅੱਖਾਂ ਦਾਨ ਪੰਦਰਵਾੜਾ ਸਬੰਧੀ ਜਾਗਰੂਕਤਾ ਬੈਨਰ ਜਾਰੀ ਕੀਤਾ ਗਿਆ ਇਸ ਮੌਕੇ ਸਿਵਲ ਸਰਜਨ ਮੋਗਾ ਡਾਕਟਰ ਪ੍ਰਦੀਪ ਕੁਮਾਰ ਮਹਿੰਦਰਾ ਨੇ ਬੈਨਰ ਜਾਰੀ ਕਰਦੇ ਹੋਏ ਕਿਹਾ ਕਿ ਇਹ ਪੰਦਰਵਾੜਾ 8 ਸਤੰਬਰ ਤੱਕ 2025 ਤੱਕ ਮਨਾਇਆ ਜਾਣਾ ਹੈ ਜਿਸਦੀ ਬਲਾਕ ਪੱਧਰ ’ਤੇ ਪਹਿਲਾ ਤੋਂ ਹੀ ਜਾਗਰੂਕਤਾ ਕੀਤੀ ਜਾ ਰਹੀ ਹੈ।ਉਹਨਾਂ ਨੇ ਕਿਹਾ ਕਿ ਅੱਖਾਂ ਦਾਨ ਮਹਾ ਦਾਨ ਕੋਈ ਵੀ ਵਿਅਕਤੀ ਜੀਵਨ ਤੋਂ ਬਾਅਦ ਅੱਖਾਂ ਦਾਨ ਕਰਕੇ ਕਿਸੇ ਨੇਤਰਹੀਨ ਵਿਅਕਤੀ ਦੀ ਜਿੰਦਗੀ ਨੂੰ ਰੋਸ਼ਨ ਕਰ ਸਕਦਾ ਹੈ। ਇਸ ਮੌਕੇ ਸਹਾਇਕ ਸਿਵਲ ਸਰਜਨ ਮੋਗਾ ਡਾਕਟਰ ਜਯੋਤੀ ਨੇ ਤਕਨੀਕੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਅੱਖਾਂ ਦਾਨ ਸਿਰਫ ਮੌਤ ਤੋਂ ਬਾਅਦ ਹੀ ਹੁੰਦੀਆਂ ਹਨ ਅੱਖਾਂ ਦਾਨ ਮੌਤ ਤੋਂ ਚਾਰ ਤੋਂ ਛੇ ਘੰਟੇ ਦੇ ਵਿੱਚ ਹੀ ਹੋਣੀਆਂ ਚਾਹੀਦੀਆਂ ਹਨ।

ਕਿਸੇ ਵੀ ਉਮਰ ਚਾਹੇ ਐਣਕਾਂ ਲੱਗੀਆਂ ਹੋਣ ਅੱਖਾਂ ਦੇ ਅਪ੍ਰੇਸ਼ਨ ਹੋਏ ਹੋਣ ਅੱਖਾਂ ਵਿੱਚ ਲੈਂਜ ਪਾਏ ਹਨ ਅੱਖਾਂ ਦਾਨ ਹੋ ਸਕਦੀਆਂ ਹਨ ਇਸ ਮੌਕੇ ਅੱਖਾਂ ਦੇ ਮਾਹਿਰ ਡਾਕਟਰ ਰੁਪਾਲੀ ਸੇਠੀ ਸਿਵਿਲ ਹਸਪਤਾਲ ਮੋਗਾ ਨੇ ਕਿਹਾ ਕਿ ਅੱਖਾਂ ਦਾਨ ਕਰਨ ਲਈ ਮੌਤ ਉਪਰੰਤ ਆਪਣੇ ਨੇੜਲੇ ਆਈ ਬੈਂਕ ਨਾਲ ਤੁਰੰਤ ਰਾਬਤਾ ਕਾਇਮ ਕੀਤਾ ਜਾਵੇ ਏਡਜ ਪੀਲੀਆ ਬਲੱਡ ਕੈਂਸਰ ਅਤੇ ਦਿਮਾਗੀ ਬੁਖਾਰ ਆਦਿ ਵਿੱਚ ਅੱਖਾਂ ਦਾਨ ਨਹੀਂ ਕੀਤੀਆਂ ਜਾ ਸਕਦੀਆਂ ਅੱਖਾਂ ਦਾਨ ਕਰਨ ਨਾਲ ਇਕ ਇਨਸਾਨ ਦੂਜੇ ਇਨਸਾਨਾਂ ਨੂੰ ਅੱਖਾਂ ਦੀ ਰੋਸ਼ਨੀ ਦੇ ਸਕਦਾ ਹੈ। ਇਸ ਮੌਕੇ ਡਾਕਟਰ ਜਯੋਤੀ ਏ ਸੀਂ ਐੱਸ ਮੋਗਾ, ਡਾਕਟਰ ਰੁਪਾਲੀ ਸੇਠੀ, ਅਪਥੋਲਿਮਿਕ ਅਫ਼ਸਰ ਸੁੱਬਮ ਪਲਤਾ, ਮਾਸ ਮੀਡੀਆ ਵਿੰਗ ਹਰਦੀਪ ਕੁਮਾਰ, ਅੰਮ੍ਰਿਤ ਸ਼ਰਮਾ ਅਤੇ ਆਮ ਆਦਮੀ ਕਲੀਨਿਕ ਦੇ ਸਮੂਹ ਮੈਡੀਕਲ ਅਫ਼ਸਰ ਵੀ ਮੌਜੂਦ ਸਨ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

# ਮੁੱਖ ਮੰਤਰੀ ਵੱਲੋਂ ਅਧਿਕਾਰੀਆਂ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਬਚਾਅ ਤੇ ਰਾਹਤ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਉਣ ਦੇ ਨਿਰਦੇਸ਼

## ਬਿਆਸ ਵਿੱਚ ਪ੍ਰਭਾਵਿਤ ਖੇਤਰਾਂ ਦਾ ਦੌਰਾ, ਲੋਕਾਂ ਨੂੰ ਸੰਕਟ ਵਿੱਚੋਂ ਬਾਹਰ ਕੱਢਣ ਲਈ ਸੂਬਾ ਸਰਕਾਰ ਦੀ ਵਚਨਬੱਧ ਦਹੁਰਾਈ



ਬਿਆਸ (ਅੰਮ੍ਰਿਤਸਰ), 28 ਅਗਸਤ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਹੋਰ ਤੇਜ਼ ਲਿਆਉਣ ਦੇ ਨਾਲ-ਨਾਲ ਹੜ੍ਹਾਂ ਕਾਰਨ ਡੁੱਬੇ ਹੋਏ ਪਿੰਡਾਂ ਵਿੱਚ ਫਸੇ ਪਰਿਵਾਰਾਂ ਨੂੰ ਸਾਰੀ ਲੋੜੀਂਦੀ ਸਮੱਗਰੀ ਮੁਹੱਈਆ ਕਰਵਾਉਣ ਦੇ ਹੁਕਮ ਦਿੱਤੇ।

ਮੁੱਖ ਮੰਤਰੀ ਨੇ ਅੱਜ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਤੂਫਾਨੀ ਦੌਰਾ ਕੀਤਾ ਜਿਸ ਦੌਰਾਨ ਉਨ੍ਹਾਂ ਨੂੰ ਸਥਾਨਕ ਅਧਿਕਾਰੀਆਂ ਨੇ ਹੜ੍ਹਾਂ ਕਾਰਨ ਖੜ੍ਹੀਆਂ ਫਸਲਾਂ, ਘਰਾਂ, ਜਨਤਕ ਇਮਾਰਤਾਂ ਅਤੇ ਪਸ਼ੂਧਨ ਨੂੰ ਹੋਏ ਨੁਕਸਾਨ ਬਾਰੇ ਜਾਣਕਾਰੀ ਦਿੱਤੀ। ਸਥਿਤੀ ਦੀ ਗੰਭੀਰਤਾ ਨੂੰ ਦੇਖਦਿਆਂ ਉਨ੍ਹਾਂ ਆਪਣੀ ਸਰਕਾਰ ਵੱਲੋਂ ਲੋਕਾਂ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਹਿਲਾਂ ਹੀ ਵੱਡੇ ਪੱਧਰ 'ਤੇ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿੱਚੋਂ ਲੋਕਾਂ ਨੂੰ ਬਾਹਰ ਕੱਢਣ ਲਈ ਵਚਨਬੱਧ ਹੈ ਅਤੇ ਇਸ ਸਬੰਧੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਡਿਪਟੀ ਕਮਿਸ਼ਨਰਾਂ ਨੂੰ ਪੰਜਾਬ ਦੇ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਰਾਹਤ ਅਤੇ ਨਿਕਾਸੀ ਕਾਰਜ ਜੰਗੀ ਪੱਧਰ 'ਤੇ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ ਅਤੇ ਇਸ ਸਬੰਧੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਲੋਕਾਂ ਦੀ ਨਿਕਾਸੀ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰਾਂ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਲੋਕਾਂ ਨੂੰ ਕੱਢਣ ਅਤੇ ਉਨ੍ਹਾਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਨ ਲਈ ਆਪਣੇ ਸਾਰੇ ਸਰੋਤ ਜੁਟਾਉਣ ਲਈ ਕਿਹਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜ਼ਿਲ੍ਹਿਆਂ ਦੇ ਸਾਰੇ ਵਿਭਾਗਾਂ ਨੂੰ ਇਸ ਸੰਕਟ ਦੀ ਘੜੀ ਵਿੱਚ ਲੋਕਾਂ ਨੂੰ ਵੱਧ ਤੋਂ ਵੱਧ ਰਾਹਤ ਪ੍ਰਦਾਨ ਕਰਨ ਲਈ ਇੱਕਜੁੱਟ ਹੋ ਕੇ ਕੰਮ ਕਰਨ ਲਈ ਆਖਿਆ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਹੜ੍ਹ ਪ੍ਰਭਾਵਿਤ ਲੋਕਾਂ ਲਈ ਭੋਜਨ, ਪੀਣ ਵਾਲਾ ਪਾਣੀ, ਦਵਾਈਆਂ ਅਤੇ ਹੋਰ ਸਮਾਨ ਦੀ ਸਪਲਾਈ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ । ਪਸ਼ੂ ਪਾਲਣ ਵਿਭਾਗ ਨੂੰ ਪ੍ਰਭਾਵਿਤ ਇਲਾਕਿਆਂ ਵਿੱਚ ਪਸ਼ੂਆਂ ਲਈ ਚਾਰਾ ਅਤੇ ਜ਼ਰੂਰੀ ਦਵਾਈਆਂ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਉਣ ਦੇ ਆਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਨੂੰ ਰਾਹਤ ਲਈ ਪਹਿਲਾਂ ਹੀ ਫੰਡ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਅੱਗੇ ਕਿਹਾ ਕਿ ਲੋੜ ਪੈਣ 'ਤੇ ਜ਼ਿਲ੍ਹਿਆਂ ਨੂੰ ਹੋਰ ਫੰਡ ਅਲਾਟ ਕੀਤੇ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਸੂਬਾ ਸਰਕਾਰ ਕੋਲ ਫੰਡਾਂ ਦੀ ਕੋਈ ਕਮੀ ਨਹੀਂ ਹੈ ਕਿਉਂਕਿ ਸੂਬਾ ਸਰਕਾਰ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਪੂਰੇ ਜੋਸ਼ ਨਾਲ ਕੰਮ ਕਰ ਰਹੀ ਹੈ।

ਸੂਬੇ ਵਿੱਚ ਹੜ੍ਹਾਂ ਕਾਰਨ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਦੇਣ ਸਬੰਧੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਰਾਹਤ, ਬਚਾਅ ਅਤੇ ਨਿਕਾਸੀ ਕਾਰਜਾਂ ਦਾ ਜਾਇਜ਼ਾ ਲੈਣ ਲਈ ਸਥਿਤੀ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਾੜਾਂ ਨੂੰ ਪੂਰਨ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ ਅਤੇ ਨਾਲ ਹੀ ਪ੍ਰਭਾਵਤ ਖੇਤਰਾਂ ਵਿੱਚੋਂ ਪਾਣੀ ਦੀ ਨਿਕਾਸੀ ਨੂੰ ਜਲਦ ਤੋਂ ਜਲਦ ਯਕੀਨੀ ਬਣਾਇਆ ਜਾ ਰਿਹਾ ਹੈ ਤਾਂ ਜੋ ਇਨ੍ਹਾਂ ਖੇਤਰਾਂ ਦੇ ਵਸਨੀਕਾਂ ਨੂੰ ਰਾਹਤ ਮਿਲ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਿਹਤ ਵਿਭਾਗ ਨੂੰ ਹੜ੍ਹਾਂ ਕਾਰਨ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੇ ਜ਼ਿਲ੍ਹਿਆਂ ਵਿੱਚ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਦਵਾਈਆਂ ਦਾ ਲੋੜੀਂਦਾ ਸਟਾਕ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਸ਼ੂ ਪਾਲਣ ਵਿਭਾਗ ਨੂੰ ਪ੍ਰਭਾਵਿਤ ਇਲਾਕਿਆਂ ਵਿੱਚ ਪਸ਼ੂਆਂ ਲਈ ਦਵਾਈਆਂ ਅਤੇ ਚਾਰੇ ਦੀ ਢੁਕਵੀਂ ਸਪਲਾਈ ਮੁਹੱਈਆ ਕਰਵਾਉਣ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਪਾਣੀ ਦਾ ਪੱਧਰ ਘਟਦੇ ਹੀ ਵਿਸ਼ੇਸ਼ ਗਿਰਦਾਵਰੀ ਕੀਤੀ ਜਾਵੇਗੀ ਤਾਂ ਜੋ ਪ੍ਰਭਾਵਿਤ ਲੋਕਾਂ ਲਈ ਢੁਕਵਾਂ ਮੁਆਵਜ਼ਾ ਯਕੀਨੀ ਬਣਾਇਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਹੜ੍ਹਾਂ ਕਾਰਨ ਹੋਏ ਲੋਕਾਂ ਦੇ ਇੱਕ-ਇੱਕ ਪੈਸੇ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਮਨੁੱਖੀ ਜੀਵਨ ਸਭ ਤੋਂ ਮਹੱਤਵਪੂਰਨ ਹੈ ਇਸ ਲਈ ਲੋਕਾਂ ਦੀ ਸੁਰੱਖਿਆ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਲੋਕਾਂ ਨੂੰ ਬਾਹਰ ਕੱਢਣ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦਿਆਂ, ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਕੁਦਰਤੀ ਆਫ਼ਤ ਕਾਰਨ ਸੂਬੇ ਵਿੱਚ ਪੈਦਾ ਹੋਈ ਸਥਿਤੀ ਦੀ ਨਿਯਮਤ ਤੌਰ 'ਤੇ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਮੁਸੀਬਤ ਦੀ ਇਸ ਘੜੀ ਵਿੱਚ ਲੋਕਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਲੋਕਾਂ ਨੂੰ ਘਬਰਾਉਣ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਲਗਾਤਾਰ ਪੈ ਰਹੇ ਮੀਂਹ ਉਪਰੰਤ ਪੈਦਾ ਹੋਈ ਸਥਿਤੀ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਅਤੇ ਸੂਬਾ ਸਰਕਾਰ ਉਨ੍ਹਾਂ ਦੀ ਸਹਾਇਤਾ ਲਈ ਹਰ ਸਮੇਂ ਮੌਜੂਦ ਹੈ। ਉਨ੍ਹਾਂ ਕਿਹਾ ਕਿ ਇਹ ਇੱਕ ਕੁਦਰਤੀ ਆਫ਼ਤ ਹੈ ਅਤੇ ਇਸ ਦਾ ਮੁਕਾਬਲਾ ਸਾਰਿਆਂ ਦੇ ਪੂਰਨ ਸਹਿਯੋਗ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਦੇ ਲੋਕਾਂ ਦੇ ਨਾਲ ਖੜ੍ਹੀ ਹੈ ਅਤੇ ਲੋਕਾਂ ਨੂੰ ਇਸ ਸਥਿਤੀ ਵਿੱਚੋਂ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਬਰਾਉਣ ਨਾ ਕਿਉਂਕਿ ਸੂਬਾ ਸਰਕਾਰ ਪਹਿਲਾਂ ਹੀ ਸਥਿਤੀ ਨੂੰ ਕਾਬੂ ਹੇਠ ਲਿਆਉਣ ਲਈ ਠੋਸ ਯਤਨ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਹਰ ਪਲ ਅਤੇ ਸੂਬੇ ਦੇ ਹਰ ਕੋਨੇ ਤੋਂ ਸਥਿਤੀ ਦਾ ਨਿੱਜੀ ਤੌਰ 'ਤੇ ਜਾਇਜ਼ਾ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰੀ ਮੀਂਹ ਇਕ ਕੁਦਰਤੀ ਆਫ਼ਤ ਹੈ ਅਤੇ ਇਸ 'ਤੇ ਕਿਸੇ ਵੀ ਵਿਅਕਤੀ ਦਾ ਕੋਈ ਜ਼ੋਰ ਨਹੀਂ ਹੈ ਪਰ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਕਿ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਰੇ ਕੈਬਨਿਟ ਮੰਤਰੀ, ਵਿਧਾਇਕ ਅਤੇ ਅਧਿਕਾਰੀ ਪਹਿਲਾਂ ਹੀ ਆਪੋ-ਆਪਣੇ ਖੇਤਰਾਂ ਵਿੱਚ ਨਿੱਜੀ ਤੌਰ 'ਤੇ ਮੌਜੂਦ ਹਨ ਅਤੇ ਇਸ ਗੰਭੀਰ ਸੰਕਟ ਦੀ ਘੜੀ ਵਿੱਚ ਲੋੜਵੰਦ ਲੋਕਾਂ ਨੂੰ ਸਹਾਇਤਾ ਪ੍ਰਦਾਨ ਕਰ ਰਹੇ ਹਨ।

# ਜਦੋਂ ਪਾਣੀ ਖੋਹਣਾ ਸੀ ਤਾਂ ਸਾਰੇ ਕਾਨੂੰਨ ਛਿੱਕੇ ਟੰਗੇ, ਹੁਣ ਕੋਈ ਮਦਦ ਲਈ ਨਹੀਂ ਬਹੁੜ ਰਿਹਾ : ਬਰਿੰਦਰ ਗੋਇਲ

## * ਕੇਂਦਰ ਤੇ ਗੁਆਂਢੀ ਸੂਬਿਆਂ ਨੂੰ ਲਿਆ ਕਰੜੇ ਹੱਥੀਂ *ਕਿਹਾ, ਦੇਸ਼ ਦਾ ਢਿੱਡ ਭਰਨ ਵਾਲੇ ਪੰਜਾਬ ਨੂੰ ਰਾਹਤ ਪੈਕੇਜ ਦੇਵੇ ਕੇਂਦਰ ਸਰਕਾਰ



ਫ਼ਾਜ਼ਿਲਕਾ, 28 ਅਗਸਤ (ਪੋਸਟ ਬਿਊਰੋ): ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਕੇਂਦਰ ਸਰਕਾਰ ਅਤੇ ਗੁਆਂਢੀ ਸੂਬਿਆਂ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਕੁਝ ਮਹੀਨੇ ਪਹਿਲਾਂ ਜਦੋਂ ਪੰਜਾਬ ਤੋਂ ਪਾਣੀ ਖੋਹਣਾ ਸੀ ਤਾਂ ਕੇਂਦਰ ਸਰਕਾਰ ਸਾਰੇ ਕਾਇਦੇ-ਕਾਨੂੰਨ ਛਿੱਕੇ ਟੰਗ ਕੇ ਪੰਜਾਬ ਦਾ ਪਾਣੀ ਲੁੱਟਣ 'ਤੇ ਉਤਾਰੂ ਸੀ ਪਰ ਹੁਣ ਜਦੋਂ ਪੰਜਾਬ ਨੂੰ ਮਦਦ ਦੀ ਲੋੜ ਹੈ ਤਾਂ ਕੋਈ ਵੀ ਅੱਗੇ ਨਹੀਂ ਆ ਰਿਹਾ।

ਅੱਜ ਇੱਥੇ ਕਾਵਾਂ ਵਾਲੀ ਪੱਤਣ 'ਤੇ ਹੜ੍ਹ ਰਾਹਤ ਕਾਰਜਾਂ ਦੀ ਸਮੀਖਿਆ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਆਖਿਆ ਕਿ ਦੇਸ਼ ਲਈ ਅੰਨ ਪੈਦਾ ਕਰਨ ਵਾਲੇ ਪੰਜਾਬ ਵਿੱਚ ਆਏ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਕੇਂਦਰ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਬਿਨਾਂ ਮੰਗੇ ਪੰਜਾਬ ਨੂੰ ਰਾਹਤ ਪੈਕਜ ਦੇਵੇ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਪੰਜਾਬ ਦਾ ਪਾਣੀ ਵਰਤਦੇ ਹਨ, ਉਨ੍ਹਾਂ ਨੂੰ ਵੀ ਇਸ ਮੁਸ਼ਕਲ ਘੜੀ ਵਿੱਚ ਪੰਜਾਬ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਸੀ।

ਕੈਬਨਿਟ ਮੰਤਰੀ ਨੇ ਆਖਿਆ ਕਿ ਪਹਾੜਾਂ ਅਤੇ ਪੰਜਾਬ ਵਿੱਚ ਪਈ ਬਾਰਿਸ਼ ਕਾਰਨ ਇਸ ਵਾਰ ਹੜ੍ਹਾਂ ਦੀ ਸਥਿਤੀ ਗੰਭੀਰ ਹੋ ਗਈ ਹੈ ਪਰ ਫਿਰ ਵੀ ਪੰਜਾਬ ਸਰਕਾਰ ਲੋਕਾਂ ਨੂੰ ਫੌਰੀ ਤੌਰ 'ਤੇ ਹਰ ਸੰਭਵ ਮਦਦ ਮੁਹੱਈਆ ਕਰਵਾ ਰਹੀ ਹੈ ਅਤੇ ਸਾਰੇ ਵਿਭਾਗਾਂ ਦੀਆਂ ਟੀਮਾਂ ਫੀਲਡ ਵਿੱਚ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਕੈਬਨਿਟ ਦੇ ਸਾਰੇ ਮੰਤਰੀ ਤੇ ਵਿਧਾਇਕ ਲੋਕਾਂ ਵਿੱਚ ਵਿਚਰ ਰਹੇ ਹਨ ਅਤੇ ਰਾਹਤ ਕਾਰਜਾਂ ਨੂੰ ਲੋਕਾਂ ਤੱਕ ਪੁੱਜਦਾ ਕਰ ਰਹੇ ਹਨ। ਉਨ੍ਹਾਂ ਆਖਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਤਾਂ ਆਪਣਾ ਹੈਲੀਕਾਪਟਰ ਵੀ ਰਾਹਤ ਕਾਰਜਾਂ ਲਈ ਲਗਾ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਹਿਲਾਂ ਹੀ ਸਪੈਸ਼ਲ ਗਰਦਾਵਰੀ ਦੇ ਹੁਕਮ ਕਰ ਦਿੱਤੇ ਗਏ ਹਨ ਅਤੇ ਹੋਏ ਨੁਕਸਾਨ ਦੀ ਭਰਪਾਈ ਮੁਆਵਜ਼ਾ ਦੇ ਕੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਰਾਹਤ ਸੈਂਟਰ ਸਥਾਪਿਤ ਕੀਤੇ ਗਏ ਹਨ ਅਤੇ ਪ੍ਰਭਾਵਿਤ ਲੋਕਾਂ ਨੂੰ ਪਾਣੀ ਵਾਲੇ ਖੇਤਰਾਂ ਵਿੱਚੋਂ ਕੱਢਿਆ ਜਾ ਰਿਹਾ ਹੈ ਅਤੇ ਰਾਹਤ ਕੈਂਪਾਂ ਵਿੱਚ ਭੇਜਿਆ ਜਾ ਰਿਹਾ ਹੈ, ਜਿੱਥੇ ਲੋਕਾਂ ਨੂੰ ਖਾਣ ਪੀਣ ਅਤੇ ਹੋਰ ਰਹਿਣ ਦੀ ਸਾਰੀ ਸੁਵਿਧਾ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਹਰੇ ਚਾਰੇ ਅਤੇ ਤੂੜੀ ਵੀ ਘਾਟ ਦੇ ਮੱਦੇਨਜ਼ਰ ਸਮੁੱਚੇ ਪੰਜਾਬੀ ਇਸ ਲਈ ਇੱਕ ਦੂਸਰੇ ਦੀ ਮਦਦ ਲਈ ਅੱਗੇ ਆਏ ਹਨ ।

ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਐਨਡੀਆਰਐਫ ਦੀਆਂ ਟੀਮਾਂ ਤੋਂ ਇਲਾਵਾ ਫੌਜ ਵੀ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਕਰ ਰਹੀ ਹੈ ਅਤੇ ਅੱਜ ਵੀ 100 ਤੋਂ ਜ਼ਿਆਦਾ ਲੋਕਾਂ ਨੂੰ ਕਿਸ਼ਤੀਆਂ ਰਾਹੀਂ ਬਾਹਰ ਕੱਢਿਆ ਗਿਆ ਹੈ। ਜ਼ਿਲ੍ਹੇ ਵਿੱਚ ਸੱਤ ਰਾਹਤ ਕੈਂਪ ਕੰਮ ਕਰ ਰਹੇ ਹਨ। ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਨੇ ਇਹ ਵੀ ਕਿਹਾ ਕਿ ਫ਼ਿਲਹਾਲ ਡੈਮਾਂ ਤੇ ਪਾਣੀ ਦੀ ਆਮਦ ਵਿੱਚ ਕਮੀ ਆਈ ਹੈ, ਜੋ ਇੱਕ ਰਾਹਤ ਦੀ ਖਬਰ ਹੈ।

ਜ਼ਿਕਰਯੋਗ ਹੈ ਕਿ ਪੰਜ ਦਿਨ ਵਿੱਚ ਕੈਬਨਟ ਮੰਤਰੀ ਬਰਿੰਦਰ ਕੁਮਾਰ ਗੋਇਲ ਦਾ ਇਹ ਫਾਜ਼ਲਿਕਾ ਜ਼ਿਲ੍ਹੇ ਦਾ ਦੂਜਾ ਦੌਰਾ ਹੈ ਅਤੇ ਉਹ ਖੁਦ ਗਰਾਊਂਡ ਲੈਵਲ 'ਤੇ ਪਹੁੰਚ ਕੇ ਰਾਹਤ ਕਾਰਜਾਂ ਦੀ ਸਮੀਖਿਆ ਕਰ ਰਹੇ ਹਨ।

ਇਸ ਮੌਕੇ ਫਾਜ਼ਲਿਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ, ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਅਤੇ ਐਸਐਸਪੀ ਗੁਰਮੀਤ ਸਿੰਘ ਨੇ ਉਨ੍ਹਾਂ ਨੂੰ ਸਥਾਨਕ ਹਾਲਾਤਾਂ ਤੋਂ ਜਾਣੂ ਕਰਵਾਇਆ ਅਤੇ ਜ਼ਿਲ੍ਹੇ ਵਿੱਚ ਚਲਾਏ ਜਾ ਰਹੇ ਰਾਹਤ ਕਾਰਜਾਂ ਦੀ ਜਾਣਕਾਰੀ ਦਿੱਤੀ। ਇਸ ਮੌਕੇ ਐਸਡੀਐਮ ਵੀਰਪਾਲ ਕੌਰ, ਸਹਾਇਕ ਕਮਿਸ਼ਨਰ ਜਨਰਲ ਅਮਨਦੀਪ ਸਿੰਘ ਮਾਵੀ, ਕਾਰਜਕਾਰੀ ਇੰਜੀਨੀਅਰ ਜਲ ਸਰੋਤ ਅਲੋਕ ਚੌਧਰੀ ਵੀ ਹਾਜ਼ਰ ਸਨ।

ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (Italian citizen) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com







## ਲੜਕੀ ਦੀ ਲੋੜ

**Well settled Canada Citizen Khatri Boy,** Punjabi Vegetarian, No Drinking/smoking family, Handsome, M.Com LLB 1987 6"ft. height. Legally devorced, very short marriage. Senior service, Loan officer in Major Canada Bank. We are close knit family, requires all-caste, punjabi educated girl in Canada OR INDIA. New Comers also Considered on PR. Work permit Parents. Please Call or whattsapp +1 437-446 8681

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

suitable match for **Sikh Jatt Girl.** Born in Jan 1995, 5'5" tall. **working with the Government of Canada** and resides in Canada. She is a blend of modern values and traditional upbringing—cultured, respectful, and family-oriented. looking for a professionally qualified, well-settled Sikh Jatt boy from a respectable family, preferably residing in Canada. **Contact: +1 306 302 9009**

ਰਾਮਗੜ੍ਹੀਆ ਲੜਕੀਆਂ 1997/5'5" Nursing, 1996/5'5" MA, Beauty Parler Course, ਸੁੰਦਰ, ਮਿਹਨਤੀ ਲਈ Canada, USA, Australia PR/Citizen /ਲੜਕਿਆਂ ਦੀ ਲੋੜ। ਸੰਪਰਕ +919914607554 (whatsaap)

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3'', ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

# ਹਰਜੋਤ ਸਿੰਘ ਬੈਂਸ ਵੱਲੋਂ ਲੁਧਿਆਣਾ ਵਿੱਚ ਇੰਡੀਅਨ ਇੰਸਟੀਚਿਊਟ ਆਫ਼ ਸਕਿੱਲਜ਼ ਅਤੇ ਪੰਜਾਬ ਵਿੱਚ 5 ਆਈ.ਟੀ.ਆਈ. ਹੱਬ ਸਥਾਪਤ ਕਰਨ ਦੀ ਮੰਗ

* ਤਕਨੀਕੀ ਸਿੱਖਿਆ ਮੰਤਰੀ ਨੇ ਸਕਿੱਲ ਮੰਤਰੀਆਂ ਦੀ ਖੇਤਰੀ ਕਾਨਫਰੰਸ ਦੌਰਾਨ ਕੇਂਦਰੀ ਰਾਜ ਮੰਤਰੀ ਅੱਗੇ ਰੱਖੀਆਂ ਮੰਗਾਂ

ਚੰਡੀਗੜ੍ਹ, 28 ਅਗਸਤ (ਪੋਸਟ ਬਿਊਰੋ): ਸੂਬੇ ਦੇ ਨੌਜਵਾਨਾਂ ਨੂੰ ਉਦਯੋਗ ਨਾਲ ਸਬੰਧਤ ਸਿਖਲਾਈ ਪ੍ਰਦਾਨ ਕਰਕੇ ਹੁਨਰ ਦੇ ਪਾੜੇ ਨੂੰ ਪੂਰਨ ਅਤੇ ਪੰਜਾਬ ਨੂੰ ਹੁਨਰ ਵਿਕਾਸ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਵਾਸਤੇ ਪੰਜਾਬ ਦੇ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਲੁਧਿਆਣਾ ਵਿੱਚ ਇੰਡੀਅਨ ਇੰਸਟੀਚਿਊਟ ਆਫ਼ ਸਕਿੱਲਜ਼ ਅਤੇ ਸੂਬੇ ਭਰ ਵਿੱਚ ਪੰਜ ਆਈ.ਟੀ.ਆਈ. ਹੱਬ ਸਥਾਪਤ ਕੀਤੇ ਜਾਣ।

ਬੈਂਸ ਨੇ ਕੇਂਦਰੀ ਹੁਨਰ ਵਿਕਾਸ ਅਤੇ ਉੱਦਮਤਾ ਬਾਰੇ ਰਾਜ ਮੰਤਰੀ ਸ੍ਰੀ ਜਯੰਤ ਚੌਧਰੀ ਦੀ ਪ੍ਰਧਾਨਗੀ ਹੇਠ ਹੋਏ ਸਕਿੱਲ ਮੰਤਰੀਆਂ ਦੀ ਖੇਤਰੀ ਕਾਨਫਰੰਸ ਦੌਰਾਨ ਇਹ ਮੰਗਾਂ ਰੱਖੀਆਂ।

ਕਾਨਫਰੰਸ ਨੂੰ ਸੰਬੋਧਨ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਇੰਡੀਅਨ ਇੰਸਟੀਚਿਊਟ ਆਫ਼ ਸਕਿੱਲਜ਼ ਲਈ ਲੁਧਿਆਣਾ ਢੁੱਕਵਾਂ ਸਥਾਨ ਹੋਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਉਦੇਸ਼ ਲਈ ਇਸ ਉਦਯੋਗਿਕ ਸ਼ਹਿਰ



ਵਿੱਚ 20 ਏਕੜ ਜ਼ਮੀਨ ਉਪਲਬਧ ਹੈ।

ਹਰਜੋਤ ਸਿੰਘ ਬੈਂਸ ਨੇ ਤਕਨੀਕੀ ਸਿੱਖਿਆ ਵਿੱਚ ਪੰਜਾਬ ਦੀ ਸ਼ਾਨਦਾਰ ਪ੍ਰਗਤੀ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਸਾਲ 2022 ਤੋਂ ਸੂਬੇ ਨੇ ਆਪਣੀਆਂ ਆਈ.ਟੀ.ਆਈਜ਼ ਵਿੱਚ ਸੀਟਾਂ ਦੀ ਗਿਣਤੀ 25,000 ਤੋਂ ਵਧਾ ਕੇ 52,000 ਕਰ ਦਿੱਤਾ ਹੈ, ਜੋ ਦੁੱਗਣੇ ਤੋਂ ਵੀ ਵੱਧ ਬਣਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਦਾਖਲਾ ਦਰ ਪਿਛਲੇ ਸਮੇਂ ਦੀ 60 ਫ਼ੀਸਦ ਤੋਂ ਵੱਧ ਕੇ 98 ਫ਼ੀਸਦ ਹੋਣ ਦਾ ਅਨੁਮਾਨ ਹੈ, ਜਦੋਂ ਕਿ ਬੁਨਿਆਦੀ ਢਾਂਚੇ ਦੀ ਸਰਵੋ-ਤਮ ਵਰਤੋਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਨੌਜਵਾਨਾਂ ਨੂੰ ਵਧੇਰੇ ਹੁਨਰਮੰਦ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਤਕਨੀਕੀ ਸਿੱਖਿਆ ਵਿੱਚ ਵੀ ਵਿਆਪਕ ਪ੍ਰਗਤੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪੁਰਾਣੇ ਕੋਰਸਾਂ ਦੀ ਥਾਂ ਉਦਯੋਗਿਕ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਅਤੇ ਬਾਜ਼ਾਰ ਦੀ ਮੰਗ ਅਨੁਸਾਰ ਤਿਆਰ ਕੀਤੀਆਂ ਗਈਆਂ 814 ਨਵੀਆਂ ਟ੍ਰੇਡਾਂ ਸ਼ੁਰੂ ਕੀਤੀਆਂ ਗਈਆਂ ਹਨ। ਇਨ੍ਹਾਂ ਟ੍ਰੇਡਾਂ ਨੂੰ ਉਦਯੋਗ ਭਾਈਵਾਲਾਂ ਅਤੇ ਉਦਯੋਗਿਕ ਪ੍ਰਬੰਧਨ ਕਮੇਟੀਆਂ (ਆਈ.ਐਮ.ਸੀਜ਼) ਨਾਲ ਵਿਆਪਕ ਸਲਾਹ-ਮਸ਼ਵਰੇ ਉਪਰੰਤ ਵਿਕਸਤ ਕੀਤਾ ਗਿਆ ਹੈ ਤਾਂ ਜੋ ਵਿਦਿਆਰਥੀਆਂ ਨੂੰ ਮੰਗ ਅਨੁਸਾਰ ਹੁਨਰਾਂ ਨਾਲ ਲੈਸ ਕੀਤਾ ਜਾ ਸਕੇ ਅਤੇ ਉਨ੍ਹਾਂ ਦੀ ਰੁਜ਼ਗਾਰਯੋਗਤਾ ਅਤੇ ਨੌਕਰੀ ਪ੍ਰਾਪਤ ਕਰਨ ਲਈ ਤਿਆਰੀ ਨੂੰ ਵਧਾਇਆ ਜਾ ਸਕੇ।

ਸਿੱਖਿਆ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹੁਨਰ ਦੇ ਪਾੜੇ ਨੂੰ ਖ਼ਤਮ ਕਰਨ ਲਈ ਸੋਨਾਲੀਕਾ, ਹੀਰੋ ਆਦਿ ਸਮੇਤ ਉਦਯੋਗਿਕ ਦਿੱਗਜ਼ਾਂ ਨਾਲ ਮਹੱਤਵਪੂਰਨ ਭਾਈਵਾਲੀਆਂ ਕੀਤੀਆਂ ਹਨ। ਉਹਨਾਂ ਅੱਗੇ ਕਿਹਾ ਕਿ ਇਹ ਭਾਈਵਾਲੀਆਂ ਆਈ.ਟੀ.ਆਈ. ਗ੍ਰੈਜੂਏਟ ਦੋਵੇਂ ਮਾਨਤਾ ਪ੍ਰਾਪਤ ਯੋਗਤਾਵਾਂ ਅਤੇ ਵਿਹਾਰਕ ਉਦਯੋਗਿਕ ਹੁਨਰ ਪ੍ਰਾਪਤ ਕਰਨਾ ਯਕੀਨੀ ਬਣਾਉਂਦੀਆਂ ਹਨ।

ਬੈਂਸ ਨੇ ਦੱਸਿਆ ਕਿ ਪੰਜਾਬ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐੱਮ.ਆਰ.ਐੱਸ.ਪੀ.ਟੀ.ਯੂ.), ਬਠਿੰਡਾ ਵਿਖੇ ਫਰੀਦਾਬਾਦ ਦੀ ਵਿਕਟੂਰਾ ਟੈਕਨਾਲੋਜੀਜ਼ ਪ੍ਰਾਈਵੇਟ ਲਿਮਟਿਡ (ਵੀ.ਟੀ.ਪੀ.ਐਲ.) ਦੀ ਮਦਦ ਨਾਲ ਆਪਣੀ ਕਿਸਮ ਦਾ ਪਹਿਲਾ ਬੀ.ਟੈਕ. ਇਨ ਮਕੈਨੀਕਲ ਇੰਜੀਨੀਅਰਿੰਗ (ਇੰਡਸਟਰੀ ਇੰਟੀਗ੍ਰੇਟਿਡ) ਪ੍ਰੋਗਰਾਮ ਸ਼ੁਰੂ ਕੀਤਾ। ਇਹ ਦੇਸ਼ ਭਰ ਵਿੱਚ ਪਹਿਲਾ ਕੋਰਸ ਹੈ, ਜਿਸ ਤਹਿਤ ਪਹਿਲੇ ਸਮੈਸਟਰ ਤੋਂ ਹੀ ਵਿਦਿਆਰਥੀ ਉਦਯੋਗ ਦਾ ਹਿੱਸਾ ਬਣ ਜਾਵੇਗਾ ਅਤੇ ਇੰਡਸਟਰੀ ਕੈਂਪਸ ਨੂੰ ਯੂਨੀਵਰਸਿਟੀ ਦਾ ਇੱਕ ਡੀਮਡ ਕੈਂਪਸ ਮੰਨਿਆ ਜਾਵੇਗਾ।

ਹਰਜੋਤ ਸਿੰਘ ਬੈਂਸ ਨੇ ਕੇਂਦਰੀ ਰਾਜ ਮੰਤਰੀ ਜਯੰਤ ਚੌਧਰੀ ਨੂੰ ਸਰਕਾਰੀ ਆਈ.ਟੀ.ਆਈ. ਲੁਧਿਆਣਾ ਦਾ ਦੌਰਾ ਕਰਨ ਲਈ ਸੱਦਾ ਦਿੱਤਾ ਅਤੇ ਆਪਣੇ ਉੱਨਤ ਉਪਕਰਣਾਂ ਤੇ ਆਧੁਨਿਕ ਲੈਬਾਟਰੀਆਂ ਸਦਕਾ ਇਸਨੂੰ ਦੇਸ਼ ਭਰ ਵਿੱਚ ਤਕਨੀਕੀ ਸਿੱਖਿਆ ਲਈ ਇੱਕ ਮਾਡਲ ਵਜੋਂ ਪੇਸ਼ ਕੀਤਾ। ਬੈਂਸ ਨੇ ਇਸ ਮੌਕੇ ਸ੍ਰੀ ਚੌਧਰੀ ਵਲੋਂ ਮਿਲ ਰਹੇ ਸਹਿਯੋਗ ਵਿਸ਼ੇਸ਼ ਤੌਰ 'ਤੇ ਪਿਛਲੇ ਤਿੰਨ ਸਾਲਾਂ ਦੌਰਾਨ ਵੱਖ-ਵੱਖ ਤਕਨੀਕੀ ਸਿੱਖਿਆ ਸਬੰਧੀ ਪਹਿਲਕਦਮੀਆਂ ਵਿੱਚ ਉਹਨਾਂ ਵੱਲੋਂ ਕੀਤੀ ਸਹਾਇਤਾ ਲਈ ਉਹਨਾਂ ਦਾ ਧੰਨਵਾਦ ਵੀ ਕੀਤਾ।

# ਪੰਜਾਬ ਦੇ ਸਿਹਤ ਵਿਭਾਗ ਵੱਲੋਂ ਹਾਈ ਅਲਰਟ ਜਾਰੀ

## ਹੜ੍ਹਾਂ ਨਾਲ ਸਬੰਧਤ ਬਿਮਾਰੀਆਂ ਨਾਲ ਨਜਿੱਠਣ ਲਈ ਟੀਮਾਂ ਅਤੇ ਐਂਬੂਲੈਂਸਾਂ ਕੀਤੀਆਂ ਤਾਇਨਾਤ

ਡਾ. ਬਲਬੀਰ ਸਿੰਘ ਨੇ ਸਿਵਲ ਸਰਜਨ ਨਾਲ ਸੂਬਾ ਪੱਧਰੀ ਮੀਟਿੰਗ ਦੀ ਕੀਤੀ ਪ੍ਰਧਾਨਗੀ, ਨਿਰਦੇਸ਼ ਕੀਤੇ ਜਾਰੀ



ਚੰਡੀਗੜ੍ਹ, 28 ਅਗਸਤ (ਪੋਸਟ ਬਿਊਰੋ): ਹੜ੍ਹਾਂ ਦੀ ਮੌਜੂਦਾ ਸਥਿਤੀ ਦੇ ਮੱਦੇਨਜ਼ਰ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਮਰਜੈਂਸੀ ਮੈਡੀਕਲ ਰਿਸਪਾਂਸ, ਪਾਣੀ ਤੋਂ ਪੈਦਾ ਹੋਣ ਵਾਲੀਆਂ ਅਤੇ ਵੈਕਟਰ ਬੋਰਨ ਬਿਮਾਰੀਆਂ ਦੀ ਰੋਕਥਾਮ ਸਬੰਧੀ ਵਿਆਪਕ ਸਮੀਖਿਆ ਲਈ ਸਿਵਲ ਸਰਜਨਾਂ, ਮੈਡੀਕਲ ਕਾਲਜਾਂ ਦੇ ਪ੍ਰਿੰਸੀਪਲਾਂ, ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈਐਮਏ), ਰੈੱਡ ਕਰਾਸ ਅਤੇ ਕੈਮਿਸਟ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਵੀਡੀਓ ਕਾਨਫਰੰਸ ਕੀਤੀ।

ਸਿਹਤ ਨਾਲ ਸਬੰਧਤ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਸਬੰਧੀ ਸੂਬਾ ਸਰਕਾਰ ਦੀ ਵਚਨਬੱਧਤਾ ਦਹੁਰਾਉਂਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਤੁਰੰਤ ਦੇਖਭਾਲ ਅਤੇ ਰਾਹਤ ਪ੍ਰਦਾਨ ਕਰਨ ਲਈ ਵੱਡੇ ਪੱਧਰ 'ਤੇ ਮੈਡੀਕਲ ਟੀਮਾਂ ਭੇਜੀਆਂ ਜਾ ਰਹੀਆਂ ਹਨ ਅਤੇ ਸਰੋਤ ਜੁਟਾਏ ਜਾ ਰਹੇ ਹਨ।

ਮੀਟਿੰਗ ਦੌਰਾਨ ਬੋਲਦਿਆਂ ਡਾ. ਬਲਬੀਰ ਸਿੰਘ ਨੇ ਕਿਹਾ, "ਸਾਡੇ ਨਾਗਰਿਕਾਂ ਦੀ ਸਿਹਤ ਅਤੇ ਤੰਦਰੁਸਤੀ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।"

ਉਨ੍ਹਾਂ ਸਿਵਲ ਸਰਜਨਾਂ ਨੂੰ ਇਹ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਕਿ ਇਸ ਮੁਸ਼ਕਿਲ ਸਮੇਂ ਦੌਰਾਨ ਕੋਈ ਵੀ ਵਿਅਕਤੀ ਡਾਕਟਰੀ ਸਹਾਇਤਾ ਤੋਂ ਵਾਂਝਾ ਨਾ ਰਹੇ। ਉਨ੍ਹਾਂ ਹਦਾਇਤਾ ਕੀਤੀ ਕਿ ਸਾਰੀਆਂ ਸਿਹਤ ਸੰਸਥਾਵਾਂ ਮਰੀਜ਼ਾਂ ਨੂੰ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਲੈਸ ਹੋਣ ਅਤੇ ਢੁੱਕਵੇਂ ਸਟਾਕ ਉਪਲੱਬਧ ਰੱਖੇ ਜਾਣ।

ਮੰਤਰੀ ਨੇ ਦੱਸਿਆ ਕਿ ਉਨ੍ਹਾਂ ਦੇ ਨਿਰਦੇਸ਼ਾਂ 'ਤੇ ਸਿਹਤ ਵਿਭਾਗ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਗਰਭਵਤੀ ਔਰਤਾਂ ਨੂੰ ਲੱਭਣ ਅਤੇ ਸਹਾਇਤਾ ਪ੍ਰਦਾਨ ਕਰਨ ਲਈ ਅਹਿਮ ਮਿਸ਼ਨ ਸ਼ੁਰੂ ਕੀਤਾ ਗਿਆ ਹੈ। ਇਸ ਟੀਚਾਗਤ ਪਹਿਲ ਦੇ ਜੀਵਨ ਬਚਾਉਣ ਵਾਲੇ ਨਤੀਜੇ ਸਾਹਮਣੇ ਆਏ ਹਨ ਕਿਉਂਕਿ ਫਿਰੋਜ਼ਪੁਰ ਅਤੇ ਫਾਜ਼ਿਲਕਾ ਵਿੱਚ ਟੀਮਾਂ ਵੱਲੋਂ ਅਜਿਹੀਆਂ ਛੇ ਔਰਤਾਂ ਨੂੰ ਸਫਲਤਾਪੂਰਵਕ ਬਚਾਇਆ ਗਿਆ ਹੈ ਅਤੇ ਉਹਨਾਂ ਸਾਰੀਆਂ ਔਰਤਾਂ ਨੇ ਸਰਕਾਰੀ ਸਹੂਲਤਾਂ ਵਿੱਚ ਸਿਹਤਮੰਦ ਬੱਚਿਆਂ ਨੂੰ ਜਨਮ ਦਿੱਤਾ ਹੈ।

ਉਨ੍ਹਾਂ ਨੇ ਇਸ ਸੰਕਟ ਨਾਲ ਨਜਿੱਠਣ ਲਈ ਵਿਆਪਕ ਪੱਧਰ 'ਤੇ ਸਿਹਤ ਸੰਭਾਲ ਸਰੋਤਾਂ ਨੂੰ ਲਾਮਬੰਦ ਕਰਨ ਦਾ ਐਲਾਨ ਕੀਤਾ ਹੈ। ਵਿਭਾਗ ਵੱਲੋਂ 360 ਮੋਬਾਈਲ ਮੈਡੀਕਲ ਟੀਮਾਂ ਅਤੇ 458 ਰੈਪਿਡ ਰਿਸਪਾਂਸ ਟੀਮਾਂ ਦਾ ਗਠਨ ਕੀਤਾ ਹੈ, ਜੋ ਪ੍ਰਭਾਵਿਤ ਖੇਤਰਾਂ ਵਿੱਚ ਸਰਗਰਮੀ ਨਾਲ ਕੰਮ ਕਰ ਰਹੀਆਂ ਹਨ।

ਮੰਤਰੀ ਨੇ ਦੱਸਿਆ ਕਿ ਹੜ੍ਹ ਰਾਹਤ ਲਈ ਕੁੱਲ 172 ਐਂਬੂਲੈਂਸਾਂ ਦਿਨ-ਰਾਤ ਤਾਇਨਾਤ ਰੱਖੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ, "ਸਾਡੀਆਂ ਟੀਮਾਂ ਜੰਗੀ ਪੱਧਰ 'ਤੇ ਕੰਮ ਕਰ ਰਹੀਆਂ ਹਨ ਅਤੇ ਸਾਨੂੰ ਵਿਸ਼ਵਾਸ ਹੈ ਕਿ ਸੂਬਾ ਹੜ੍ਹਾਂ ਕਾਰਨ ਪੈਦਾ ਹੋਣ ਵਾਲੀ ਕਿਸੇ ਵੀ ਡਾਕਟਰੀ ਐਮਰਜੈਂਸੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।"

ਮੰਤਰੀ ਨੇ ਕਿਹਾ ਕਿ ਸਿਵਲ ਸਰਜਨਾਂ ਨੂੰ ਡਿਪਟੀ ਕਮਿਸ਼ਨਰਾਂ ਨਾਲ ਮਿਲ ਕੇ ਪੀਣ ਵਾਲੇ ਪਾਣੀ ਲਈ ਕਲੋਰੀਨ ਦੀਆਂ ਗੋਲੀਆਂ ਵੰਡਣ ਅਤੇ ਘਰ-ਘਰ ਜਾ ਕੇ ਇਹ ਯਕੀਨੀ ਬਣਾਉਣ ਲਈ ਕਿਹਾ ਹਰ ਘਰ ਵਿੱਚ ਪੀਣ ਵਾਲੇ ਸੁਰੱਖਿਅਤ ਪਾਣੀ ਦੀ ਪਹੁੰਚ ਹੋਵੇ। ਉਨ੍ਹਾਂ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਆਈਐਮਏ, ਰੈੱਡ ਕਰਾਸ, ਕੈਮਿਸਟ ਐਸੋਸੀਏਸ਼ਨ ਅਤੇ ਐਨਜੀਓਜ਼ ਨੂੰ ਇਕਜੁੱਟ ਹੋ ਕੇ ਕੰਮ ਕਰਨ ਲਈ ਕਿਹਾ।

ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਹਿਤਿੰ-ਦਰ ਕੌਰ ਨੇ ਵਿਭਾਗ ਦੀਆਂ ਪਹਿਲਕਦਮੀਆਂ ਦੀ ਜ਼ਮੀਨੀ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਕਿਹਾ, "ਸਾਡੀਆਂ ਟੀਮਾਂ ਜ਼ਮੀਨੀ ਪੱਧਰ 'ਤੇ ਕੰਮ ਰਹੀਆਂ ਹਨ, ਇਲਾਜ ਸੇਵਾਵਾਂ ਪ੍ਰਦਾਨ ਕਰ ਰਹੀਆਂ ਹਨ ਅਤੇ ਜ਼ਰੂਰੀ ਸਮੱਗਰੀ ਦੀ ਵੰਡ ਕਰ ਰਹੀਆਂ ਹਨ। ਪ੍ਰਭਾਵਿਤ ਖੇਤਰਾਂ ਵਿੱਚ ਰੋਜ਼ਾਨਾ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਅਤੇ ਜ਼ਿਲ੍ਹਾ ਕਪੂਰਥਲਾ ਵਿੱਚ ਇੱਕ ਕੈਂਪ ਦਿਨ-ਰਾਤ ਕਾਰਜਸ਼ੀਲ ਹੈ। ਵੈਕਟਰ ਬੋਰਨ ਬਿਮਾਰੀਆਂ ਨੂੰ ਰੋਕਣ ਲਈ ਸਪਰੇਅ ਅਤੇ ਫੌਗਿੰਗ ਵੀ ਕੀਤੀ ਜਾ ਰਹੀ ਹੈ।"

# ਕਸ਼ਮੀਰ ਦੇ ਬਾਂਦੀਪੋਰਾ ’ਚ ਦੋ ਅੱਤਵਾਦੀ ਢੇਰ

ਸ੍ਰੀਨਗਰ, 28 ਅਗਸਤ (ਪੋਸਟ ਬਿਊਰੋ): ਭਾਰਤੀ ਫੌਜ ਨੇ ਵੀਰਵਾਰ ਸਵੇਰੇ ਉੱਤਰੀ ਕਸ਼ਮੀਰ ਦੇ ਬਾਂਦੀਪੋਰਾ ਜ਼ਿਲ੍ਹੇ ‘ਚ ਕੰਟਰੋਲ ਰੇਖਾ ਨਾਲ ਲੱਗਦੇ ਗੁਰੇਜ਼ ਸੈਕਟਰ ਦੇ ਨੌਸ਼ਹਿਰਾ ‘ਚ ਸਰਹੱਦ ਪਾਰ ਤੋਂ ਘੁਸਪੈਠ ਦੀ ਕੋਸ਼ਿਸ਼ ਕਰ ਰਹੇ ਦੋ ਅੱਤਵਾਦੀਆਂ ਨੂੰ ਮਾਰ ਕੇ ਅੱਤਵਾਦੀਆਂ ਦੀ ਘੁਸਪੈਠ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ। ਇੱਕ ਫੌਜ ਅਧਿਕਾਰੀ ਨੇ ਦੱਸਿਆ ਕਿ ਸੁਰੱਖਿਆ ਬਲਾਂ ਨੇ ਜੰਮੂ-ਕਸ਼ਮੀਰ ਦੇ ਬਾਂਦੀਪੋਰਾ ਜ਼ਿਲ੍ਹੇ ਦੇ ਗੁਰੇਜ਼ ਸੈਕਟਰ ‘ਚ ਕੰਟਰੋਲ ਰੇਖਾ ‘ਤੇ ਘੁਸਪੈਠ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਜਿਸ ‘ਚ ਦੋ ਅੱ.ਤ.ਵਾ.ਦੀ ਮਾਰੇ ਗਏ।

ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਪੁਲਿਸ ਨੂੰ ਕੰਟਰੋਲ ਰੇਖਾ ‘ਤੇ ਨੌਸ਼ਹਿਰਾ ਸੈਕਟਰ ‘ਚ ਘੁਸਪੈਠ ਦੀ ਸੂਚਨਾ ਮਿਲੀ ਸੀ। ਇਸ ਤੋਂ ਬਾਅਦ, ਫੌਜ ਦੇ ਜਵਾਨਾਂ ਨੇ ਜੰਮੂ-ਕਸ਼ਮੀਰ ਪੁਲਿਸ ਦੇ ਸਪੈਸ਼ਲ ਆਪ੍ਰੇਸ਼ਨ ਗਰੁੱਪ ਦੇ ਜਵਾਨਾਂ ਨਾਲ ਇੱਕ ਸਾਂਝਾ ਆਪ੍ਰੇਸ਼ਨ ਚਲਾਇਆ। ਇਸ ਦੌਰਾਨ, ਟੀਮ ਨੇ ਅੱਤਵਾਦੀਆਂ ਦੀ ਹਰਕਤ ਦੇਖੀ ਅਤੇ ਉਨ੍ਹਾਂ ਨੇ ਅੱਤਵਾਦੀਆਂ ਨੂੰ ਚੁਣੌਤੀ ਦਿੱਤੀ ਪਰ ਉਨ੍ਹਾਂ ਨੇ ਸੈਨਿਕਾਂ ਦੀ ਟੀਮ ‘ਤੇ ਗੋਲੀਬਾਰੀ ਕੀਤੀ, ਜਿਸ ਤੋਂ ਬਾਅਦ ਜਵਾਬੀ ਕਾਰਵਾਈ ਕੀਤੀ ਅਤੇ ਇੱਕ ਮੁਕਾਬਲਾ ਸ਼ੁਰੂ ਹੋਇਆ ਜਿਸ ‘ਚ ਦੋ ਅੱਤਵਾਦੀਆਂਨੂੰ ਮਾਰਨ ‘ਚ ਸਫਲਤਾ ਮਿਲੀ।

ਇਸ ਤੋਂ ਪਹਿਲਾਂ 2 ਅਗਸਤ ਨੂੰ, ਜੰਮੂ-ਕਸ਼ਮੀਰ ਦੇ ਕੁਲਗਾਮ ਜ਼ਿਲ੍ਹੇ ਦੇ ਅਖਲ ਦੇਵਸਰ ਖੇਤਰ ‘ਚ ਸੁਰੱਖਿਆ ਬਲਾਂ ਨਾਲ ਮੁਕਾਬਲੇ ‘ਚ ਲਸ਼ਕਰ-ਏ-ਤਾਇਬਾ ਦੇ ਤਿੰਨ ਅੱਤਵਾਦੀ ਮਾਰੇ ਸਨ। ਫੌਜ ਨੇ 1 ਅਗਸਤ ਨੂੰ ਅੱਤਵਾਦੀਆਂ ਵਿਰੁੱਧ ਆਪ੍ਰੇਸ਼ਨ ਅਖਾਲ ਸ਼ੁਰੂ ਕੀਤਾ ਸੀ, ਜੋ 12 ਦਿਨ ਤੱਕ ਚੱਲਿਆ। ਇਸ ‘ਚ ਦੋ ਸੈਨਿਕ ਵੀ ਸ਼ਹੀਦ ਹੋਏ ਸਨ।

# ਪੰਜਾਬੀ ਯੂਨੀਵਰਸਿਟੀ ’ਚ ਮਹਾਨ ਕੋਸ਼ ਨੂੰ ਮਿੱਟੀ ’ਚ ਦੱਬਣ ਦੀ ਸੀ ਤਿਆਰੀ, ਪੰਜਾਬੀ ਯੂਨੀਵਰਸਿਟੀ ਦਾ ਪ੍ਰਸ਼ਾਸ਼ਨ ਵਿਵਾਦਾਂ ’ਚ

ਪਟਿਆਲਾ, 28 ਅਗਸਤ (ਪੋਸਟ ਬਿਊਰੋ): ਪੰਜਾਬੀ ਯੂਨੀਵਰਸਿਟੀ, ਪਟਿਆਲਾ ਪ੍ਰਸ਼ਾਸ਼ਨ ਇੱਕ ਵਾਰ ਵਿਵਾਦਾਂ ‘ਚ ਘਿਰਦਾ ਨਜ਼ਰ ਆ ਰਿਹਾ ਹੈ . ਦਰਅਸਲ, ਵਿਦਿਆਰਥੀਆਂ ਨੇ ਦੋਸ਼ ਲਗਾਇਆ ਕਿ ਯੂਨੀਵਰਸਿਟੀ ਪ੍ਰਸ਼ਾਸਨ ਵਲੋਂ ਮਹਾਨ ਕੋਸ਼ ਨੂੰ ਮਿੱਟੀ ‘ਚ ਦੱਬਣ ਦੀ ਤਿਆਰੀ ਕੀਤੀ ਜਾ ਰਹੀ ਹੈ ਜੋਕਿ ਸਿੱਧੇ ਤੌਰ ’ਤੇ ਬੇਅਦਬੀ ਹੀ ਹੈ। ਵਿਦਿਆਰਥੀਆਂ ਦਾ ਕਹਿਣਾ ਹੈ ਕਿ ਅਸੀ ਪੜ੍ਹਨ ਤੋਂ ਪਹਿਲਾਂ ਮਹਾਨ ਕੋਸ਼ ਨੂੰ ਮੱਥਾ ਟੇਕਦੇ ਹਾਂ, ਪਰ ਜਿਵੇਂ ਇਥੇ ਵਰਕੇ ਪਾੜ-ਪਾੜ ਸੁੱਟੇ ਹਨ, ਇਹ ਮਹਾਨ ਕੋਸ਼ ਦੀ



ਬੇਅਦਬੀ ਹੈ।

ਇਸ ਦੌਰਾਨ ਮੌਕੇ ‘ਤੇ ਮੌਜੂਦ ਵਿਦਿਆਰਥੀ ਆਗੂਆਂ ਯਾਦਵਿੰਦਰ ਸਿੰਘ ਯਾਦੂ, ਕੁਲਦੀਪ ਸਿੰਘ ਝਿੰਜਰ ਤੇ ਹੋਰ ਵਿਦਿਆਰਥੀਆਂ ਨੇ ਇਸਦਾ ਵਿਰੋਧ ਕੀਤਾ ਅਤੇ ਪੰਜਾਬੀ ਡਿਪਾਰਟਮੈਂਟ ਨੂੰ ਦੋਸ਼ੀ ਠਹਿਰਾਇਆ ਹੈ . ਮਾਮਲਾ ਭਖਦਾ ਦੇਖ ਯੂਨੀਵਰਸਿਟੀ ਅਧਿਕਾਰੀ ਮੌਕੇ ‘ਤੇ ਪੁੱਜੇ।

# ਪੰਜਾਬ ‘ਚ ਮੌਸਮ ਲੈ ਕੇ ਅਲਰਟ ਜਾਰੀ, ਭਾਰੀ ਮੀਂਹ ਦੀ ਚੇਤਾਵਨੀ

ਚੰਡੀਗੜ੍ਹ, 28 ਅਗਸਤ (ਪੋਸਟ ਬਿਊਰੋ): ਪੰਜਾਬ ‘ਚ ਪਿਛਲੇ ਕਈ ਦਿਨਾਂ ਤੋਂ ਲਗਾਤਾਰ ਮੀਂਹ ਪੈ ਰਿਹਾ ਹੈ, ਜਿਸ ਕਾਰਨ ਕਈ ਇਲਾਕੇ ਹੜ੍ਹਾਂ ਦੀ ਲਪੇਟ ‘ਚ ਆ ਗਏ ਹਨ। ਇਸ ਦੌਰਾਨ ਭਾਰਤੀ ਮੌਸਮ ਵਿਭਾਗ ਨੇ 28 ਅਗਸਤ ਤੋਂ 31 ਅਗਸਤ ਤੱਕ ਦੇ ਮੌਸਮ ਬਾਰੇ ਇੱਕ ਵੱਡਾ ਅਪਡੇਟ ਸਾਂਝਾ ਕੀਤਾ ਹੈ, ਜਿਸ ਅਨੁਸਾਰ ਪੰਜਾਬ ਦੇ ਕਈ ਹਿੱਸਿਆਂ ‘ਚ ਸ਼ੁਰੂ ‘ਚ ਦਰਮਿਆਨੀ ਤੋਂ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ।

ਮੌਸਮ ਵਿਭਾਗ ਦੇ ਮੁਤਾਬਕ ਅੱਜ ਸੂਬੇ ਦੇ ਕਈ ਹਿੱਸਿਆਂ ‘ਚ ਹਲਕੇ ਮੀਂਹ ਅਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਦੇ ਨਾਲ-ਨਾਲ ਬਿਜਲੀ ਡਿੱਗਣ ਦੀ ਸੰਭਾਵਨਾ ਹੈ। ਇਸ ਦੇ ਨਾਲ ਹੀ, ਕੱਲ੍ਹ ਯਾਨੀ 29 ਅਗਸਤ ਨੂੰ ਸਥਿਤੀ ਹੋਰ ਵੀ ਗੰਭੀਰ ਹੋ ਸਕਦੀ ਕਿਉਂਕਿ ਪੰਜਾਬ ਦੇ ਵੱਡੇ ਹਿੱਸਿਆਂ ‘ਚ ਮੀਂਹ ਪੈ ਸਕਦਾ ਹੈ। ਅੰਦਾਜ਼ਾ ਲਗਾਇਆ ਗਿਆ ਹੈ ਕਿ ਅੰਮ੍ਰਿਤਸਰ, ਗੁਰਦਾਸਪੁਰ, ਤਰਨ-ਤਾਰਨ, ਕਪੂਰਥਲਾ, ਜਲੰਧਰ, ਐਸ.ਏ.ਐਸ. ਨਗਰ, ਹੁਸ਼ਿਆਰ-ਪੁਰ, ਪਠਾਨਕੋਟ ਅਤੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਿਆਂ ‘ਚ ਭਾਰੀ ਮੀਂਹ ਪੈ ਸਕਦਾ ਹੈ .

ਇਸੇ ਤਰ੍ਹਾਂ 30 ਅਗਸਤ ਨੂੰ ਗੁਰਦਾਸਪੁਰ, ਅੰਮ੍ਰਿਤਸਰ, ਪਠਾਨਕੋਟ, ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ ਸਮੇਤ ਉੱਤਰੀ ਜ਼ਿਲ੍ਹਿਆਂ ‘ਚ ਬਹੁਤ ਭਾਰੀ ਮੀਂਹ ਪੈ ਸਕਦਾ ਹੈ, ਜਦੋਂ ਕਿ ਬਾਕੀ ਜ਼ਿਲ੍ਹਿਆਂ ‘ਚ ਘੱਟ ਮੀਂਹ ਪੈਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਮੁਤਾਬਕ 31 ਅਗਸਤ ਨੂੰ ਸੂਬੇ ਦੇ ਉੱਤਰੀ ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਮੋਹਾਲੀ ਅਤੇ ਐਸਏਐਸ ਨਗਰ ‘ਚ ਮੀਂਹ ਦੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਚੇਤਾਵਨੀ ਦਿੱਤੀ ਹੈ ਕਿ ਇਸ ਸਮੇਂ ਦੌਰਾਨ ਕਿਸਾਨਾਂ ਅਤੇ ਆਮ ਲੋਕਾਂ ਨੂੰ ਸਾਵਧਾਨ ਰਹਿਣਾ ਚਾਹੀਦਾ ਹੈ।

# ਪੰਜਾਬ ਵਿੱਚ 2500 ਕਰੋੜ ਰੁਪਏ ਦੀ ਲਾਗਤ ਨਾਲ ਸੋਲਰ ਪਲਾਂਟ ਸਮੇਤ ਇੱਕ ਨਵਾਂ ਗ੍ਰੀਨਫੀਲਡ ਸਟੀਲ ਪਲਾਂਟ ਕੀਤਾ ਜਾ ਰਿਹਾ ਹੈ ਸਥਾਪਤ : ਸੰਜੀਵ ਅਰੋੜਾ

ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ.) ਤੋਂ ਸਚਿਤ ਜੈਨ, ਜਾਪਾਨ ਦੇ ਆਈਚੀ ਸਟੀਲ ਕਾਰਪੋਰੇਸ਼ਨ (ਏ.ਐਸ.ਸੀ.) ਦੇ ਸਹਿਯੋਗ ਨਾਲ ਲੁਧਿਆਣਾ ਜ਼ਿਲ੍ਹੇ ਵਿੱਚ ਸਥਾਪਤ ਕਰਨਗੇ ਇਹ ਪਲਾਂਟ

ਚੰਡੀਗੜ੍ਹ, 28 ਅਗਸਤ (ਪੋਸਟ ਬਿਊਰੋ): ਪੰਜਾਬ ਨੂੰ ਪ੍ਰਮੁੱਖ ਉਦਯੋਗਿਕ ਹੱਬ ਬਣਾਉਣ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਪ੍ਰਦਾਨ ਕਰਨ ਦੇ ਉਦੇਸ਼ ਨਾਲ, ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਅੱਜ ਦੱਸਿਆ ਕਿ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ.) ਵੱਲੋਂ ਜਾਪਾਨ ਦੇ ਆਈਚੀ ਸਟੀਲ ਕਾਰਪੋਰੇਸ਼ਨ (ਏ.ਐਸ.ਸੀ.) ਦੇ ਸਾਂਝੇ ਉੱਦਮ ਨਾਲ ਪੰਜਾਬ ਦੇ ਲੁਧਿਆਣਾ ਜ਼ਿਲ੍ਹੇ ਵਿੱਚ ਇੱਕ ਨਵਾਂ ਗ੍ਰੀਨਫੀਲਡ ਸਪੈਸ਼ਲ ਐਂਡ ਅਲਾਏ ਸਟੀਲ ਪਲਾਂਟ ਸਥਾਪਤ ਕੀਤਾ ਜਾ ਰਿਹਾ ਹੈ। ਇਹ ਪ੍ਰੋਜੈਕਟ ਸੂਬੇ ਵਿੱਚ ਟਿਕਾਊ, ਤਕਨੀਕੀ ਤੌਰ 'ਤੇ ਉੱਨਤ ਅਤੇ ਵਿਸ਼ਵ ਪੱਧਰ 'ਤੇ ਮੁਕਾ-ਬਲਾ ਕਰਨ ਵਾਲੀ ਸਟੀਲ ਨਿਰਮਾਣ ਸਹੂਲਤ ਸਥਾਪਤ ਕਰਨ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਇਸ ਪ੍ਰੋਜੈਕਟ ਬਾਰੇ ਮੀਡੀਆ ਨਾਲ ਗੱਲਬਾਤ ਕਰਦਿਆਂ ਸੰਜੀਵ ਅਰੋੜਾ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੀ ਕੁੱਲ ਲਾਗਤ 2500 ਕਰੋੜ ਰੁਪਏ ਹੈ। ਅਲਾਏ ਅਤੇ ਸਪੈਸ਼ਲ ਸਟੀਲ ਦੀ 5 ਲੱਖ ਟਨ ਪ੍ਰਤੀ ਸਾਲ (ਟੀ.ਪੀ.ਏ.) ਦੀ ਸਥਾਪਿਤ ਸਮਰੱਥਾ ਨਾਲ ਹੀ ਪਲਾਂਟ ਸਟੀਲ ਸਬੰਧੀ ਘਰੇਲੂ ਅਤੇ ਵਿਸ਼ਵਵਿਆਪੀ ਆਟੋਮੋਟਿਵ ਜ਼ਰੂਰਤਾਂ ਨੂੰ ਪੂਰਾ ਕਰੇਗੀ। ਇਹ ਪਲਾਂਟ ਇਲੈਕਟ੍ਰਿਕ ਆਰਕ ਫਰਨੇਸ (ਈ.ਏ.ਐਫ) ਰੂਟ ਰਾਹੀਂ ਉਤਪਾਦਨ ਊਰਜਾ ਕੁਸ਼ਲਤਾ, ਕਾਰਬਨ ਨਿਕਾਸ ਨੂੰ ਘਟਾਉਣ ਅਤੇ ਸ਼ੁੱਧ ਸਟੀਲ ਉਤਪਾਦਨ ਨੂੰ ਯਕੀਨੀ ਬਣਾਏਗਾ।

ਉਨ੍ਹਾਂ ਅੱਗੇ ਦੱਸਿਆ ਕਿ 500 ਕਰੋੜ ਰੁਪਏ ਦੀ ਲਾਗਤ ਨਾਲ ਸੂਰਜੀ ਊਰਜਾ ਪਲਾਂਟ ਵੀ ਸਥਾਪਤ ਕੀਤਾ ਜਾਵੇਗਾ। ਇਹ ਪਲਾਂਟ ਸਾਡੇ ਸਹਿਯੋਗੀ ਭਾਈਵਾਲ ਦੇ ਸਹਿਯੋਗ ਨਾਲ ਪਲਾਂਟ ਦੇ ਸੰਚਾਲਨ ਲਈ ਨਵਿਆਉਣਯੋਗ ਊਰਜਾ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਸਥਾਪਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ 500 ਕਰੋੜ ਰੁਪਏ ਦਾ ਇਹ ਨਿਵੇਸ਼ ਅਨੁਮਾਨਿਤ 2000 ਕਰੋੜ ਰੁਪਏ ਦੀ ਲਾਗਤ ਵਾਲੇ ਗਰੀਨਫੀਲਡ ਪਲਾਂਟ ਤੋਂ ਵੱਖਰਾ ਹੈ।

ਜ਼ਿਕਰਯੋਗ ਹੈ ਕਿ ਇਹ ਪ੍ਰੋਜੈਕਟ ਪੰਜਾਬ ਵਿੱਚ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ 1500 ਤੋਂ ਵੱਧ ਲੋਕਾਂ ਨੂੰ ਸਿੱਧੇ ਤੌਰ ‘ਤੇ ਰੁਜ਼ਗਾਰ ਮਿਲੇਗਾ ਜਦਕਿ ਪੰਜਾਬ ਭਰ ਦੇ ਐਮ.ਐਸ.ਐਮ.ਈ., ਸਪਲਾਇਰਾਂ ਅਤੇ ਸੇਵਾ ਪ੍ਰਦਾਤਾਵਾਂ ਨੂੰ ਅਸਿੱਧੇ ‘ਤੇ ਰੁਜ਼ਗਾਰ ਅਤੇ ਕਾਰੋਬਾਰ ਦੇ ਮੌਕੇ ਮਿਲਣਗੇ।



ਸੰਜੀਵ ਅਰੋੜਾ ਨੇ ਆਸ ਪ੍ਰਗਟਾਈ ਕਿ ਇਹ ਪ੍ਰੋਜੈਕਟ ਪੰਜਾਬ ਦੇ ਉਦਯੋਗਿਕ ਵਿਕਾਸ ਵਿੱਚ ਇੱਕ ਮੀਲ ਪੱਥਰ ਵਜੋਂ ਕੰਮ ਕਰੇਗਾ, ਜੋ ਉੱਨਤ ਅਤੇ ਟਿਕਾਊ ਸਟੀਲ ਨਿਰਮਾਣ ਵਿੱਚ ਪੰਜਾਬ ਦੀ ਮੋਹਰੀ ਭੂਮਿਕਾ ਨੂੰ ਮਜ਼ਬੂਤ ਕਰੇਗਾ। ਉਨ੍ਹਾਂ ਨੇ ਇਸ ਪਹਿਲਕਦਮੀ ਤਹਿਤ ਪੰਜਾਬ ਦੀ ਆਰਥਿਕਤਾ ਅਤੇ ਉਦਯੋਗ ਨੂੰ ਹੁਲਾਰਾ ਦੇਣ ਲਈ ਉੱਦਮੀਆਂ ਦੇ ਸਹਿਯੋਗ ਅਤੇ ਮਾਰਗਦਰਸ਼ਨ ਦੀ ਵੀ ਮੰਗ ਕੀਤੀ।

ਹੋਰ ਵੇਰਵੇ ਸਾਂਝੇ ਕਰਦਿਆਂ, ਵੀ.ਐਸ.ਐਸ.ਐਲ. ਦੇ ਵਾਈਸ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਸਚਿਤ ਜੈਨ ਨੇ ਕਿਹਾ ਕਿ ਊਰਜਾ ਕੁਸ਼ਲ ਤਕਨਾਲੋਜੀਆਂ ਦੀ ਵਰਤੋਂ ਕਰਦਿਆਂ ਸਟੀਲ ਸਕ੍ਰੈਪ ਨੂੰ ਪਿਘਲਾ ਕੇ ਅਤੇ ਨਵਿਆਉਣਯੋਗ ਊਰਜਾ ਦੀ ਵਰਤੋਂ ਕਰਕੇ ਗਰੀਨ ਸਟੀਲ ਦਾ ਉਤਪਾਦਨ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ ਜੋ ਵਿਸ਼ਵਵਿਆਪੀ ਟਿਕਾਊ ਅਭਿਆਸਾਂ ਅਤੇ ਭਾਰਤ ਦੇ ਸ਼ੁੱਧ ਜ਼ੀਰੋ ਦ੍ਰਿਸ਼ਟੀਕੋਣ ਨਾਲ ਮੇਲ ਖਾਂਦਾ ਹੈ। ਇਸ ਨਾਲ ਜੈਵਿਕ ਬਾਲਣ 'ਤੇ ਨਿਰਭਰਤਾ ਘਟਾਏਗੀ ਅਤੇ ਕਾਰਬਨ ਦੇ ਨਿਕਾਸ ਨੂੰ ਘੱਟ ਕੀਤਾ ਜਾ ਸਕੇਗਾ।

ਸਚਿਤ ਜੈਨ ਨੇ ਕਿਹਾ ਕਿ ਇਹ ਸਾਂਝੇ ਉੱਦਮ ਅਤੇ ਤਕਨਾਲੋਜੀ ਦੇ ਅਦਾਨ-ਪ੍ਰਦਾਨ ਵਾਲਾ ਪ੍ਰੋਜੈਕਟ ਹੈ। ਇਹ ਪਲਾਂਟ ਆਟੋਮੋਟਿਵ ਐਪਲੀਕੇਸ਼ਨਾਂ ਲਈ ਵਿਸ਼ੇਸ਼ ਸਟੀਲ ਵਿੱਚ ਵਿਸ਼ਵ ਪੱਧਰ ‘ਤੇ ਮੋਹਰੀ ਆਈਚੀ ਸਟੀਲ ਕਾਰਪੋਰੇਸ਼ਨ, ਜਾਪਾਨ ਦੇ ਸਹਿਯੋਗ ਨਾਲ ਸਥਾਪਤ ਕੀਤਾ ਜਾਵੇਗਾ। ਏ.ਐਸ.ਸੀ. ਵੱਲੋਂ ਨਿਰੰਤਰ ਸਹਾਇਤਾ ਅਤੇ ਤਕਨੀਕੀ ਮੁਹਾਰਤ ਪ੍ਰਦਾਨ ਕੀਤੀ ਜਾਵੇਗੀ ਜੋ ਵਿਸ਼ਵ ਪੱਧਰੀ ਸ਼ੁੱਧ ਸਟੀਲ ਦੇ ਉਤਪਾਦਨ ਵਿੱਚ ਮਦਦ ਕਰੇਗਾ। ਇਹ ਪਲਾਂਟ ਟੋਇਟਾ ਵੇਅ ਲੇਆਉਟ 'ਤੇ ਵਿਕਸਤ ਕੀਤਾ ਜਾਵੇਗਾ ਜੋ ਕਿ ਕਾਰਜਸ਼ੀਲ ਉੱਤਮਤਾ, ਸੁਰੱਖਿਆ, ਕੁਸ਼ਲਤਾ ਅਤੇ ਵਿਸ਼ਵ ਪੱਧਰੀ ਪਲਾਂਟ ਲੇਆਉਟ ਨੂੰ ਯਕੀਨੀ ਬਣਾਉਂਦਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਅਤਿ-ਆਧੁਨਿਕ ਤਕਨਾਲੋਜੀ ਦੀ ਵਰਤੋਂ ਕੀਤੀ ਜਾਵੇਗੀ। ਇਹ ਪ੍ਰੋਜੈਕਟ ਵਾਤਾਵਰਣ ਦੇ ਪ੍ਰਭਾਵ ਨੂੰ ਘੱਟ ਕਰਦਿਆਂ ਮੁਕਾਬਲੇਬਾਜ਼ੀ ਨੂੰ ਵਧਾਉਣ ਲਈ ਨਵੀਨਤਮ ਊਰਜਾ-ਕੁਸ਼ਲ ਅਤੇ ਉਤਪਾਦਕ ਤਕਨਾਲੋਜੀਆਂ ਦੀ ਵਰਤੋਂ ਕਰੇਗਾ। ਇਹ ਸਹੂਲਤ ਸਖ਼ਤ ਗਲੋਬਲ ਓ.ਈ.ਐਮ. ਮਾਪਦੰਡਾਂ ‘ਤੇ ਖਰੀ ਉਤਰੇਗੀ, ਜਿਸ ਨਾਲ ਪੰਜਾਬ ਵਿਸ਼ੇਸ਼ ਸਟੀਲ ਨਿਰਯਾਤ ਲਈ ਇੱਕ ਹੱਬ ਵਜੋਂ ਉੱਭਰੇਗਾ ਜਿਸ ਨਾਲ ਨਿਰਯਾਤ ਮੁਕਾਬਲੇਬਾਜ਼ੀ ਵਿੱਚ ਵਾਧਾ ਹੋਵੇਗਾ।

ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰੋਜੈਕਟ ਸਹਾਇਕ ਉਦਯੋਗਾਂ, ਫੋਰਜਿੰਗ ਯੂਨਿਟਾਂ, ਲੌਜਿਸਟਿਕਸ, ਸੇਵਾ ਖੇਤਰਾਂ ਲਈ ਵੀ ਲਾਹੇਵੰਦ ਹੋਵੇਗਾ ਅਤੇ ਉਦਯੋਗਿਕ ਈਕੋਸਿਸਟਮ ਨੂੰ ਹੁਲਾਰਾ ਦੇਵੇਗਾ।

ਇਸ ਪ੍ਰੈਸ ਕਾਨਫਰੰਸ ਦੌਰਾਨ ਉਦਯੋਗ ਅਤੇ ਵਣਜ ਵਿਭਾਗ ਦੇ ਸਕੱਤਰ ਕਮਲ ਕਿਸ਼ੋਰ ਯਾਦਵ ਵੀ ਮੌਜੂਦ ਸਨ।

# ਫਰੀਦਾਬਾਦ ਸਿਵਲ ਹਸਪਤਾਲ ’ਚ ਡਾਕਟਰਾਂ ਤੇ ਕਰਮਚਾਰੀਆਂ ਵੱਲੋਂ ਭੁੱਖ ਹੜਤਾਲ



ਨਵੀਂ ਦਿੱਲੀ, 28 ਅਗਸਤ (ਪੋਸਟ ਬਿਊਰੋ): ਵੀਰਵਾਰ ਨੂੰ ਫਰੀਦਾਬਾਦ ਦੇ ਬਾਦਸ਼ਾਹ ਖਾਨ ਜ਼ਿਲ੍ਹਾ ਸਿਵਲ ਹਸਪਤਾਲ ਵਿਖੇ, ਸਿਹਤ ਵਿਭਾਗ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਡਾਕਟਰਾਂ ਨੇ ਸਮੂਹਿਕ ਤੌਰ ‘ਤੇ ਹਰਿਆਣਾ ਸਰਕਾਰ ਦੇ ਨਵੇਂ ਜੀਓ-ਫੈਂਸਿੰਗ ਸਹਾਇਤਾ ਪ੍ਰਣਾਲੀ ਅਧਾਰਤ ਹਾਜ਼ਰੀ ਪ੍ਰਣਾਲੀ ਦੇ ਵਿਰੁੱਧ ਇੱਕ ਦਿਨ ਦਾ ਪ੍ਰਤੀਕਾਤਮਕ ਧਰਨਾ ਅਤੇ ਭੁੱਖ ਹੜਤਾਲ ਕੀਤੀ। ਇਹ ਅੰਦੋਲਨ ਸਿਹਤ ਵਿਭਾਗ ਅਧਿਕਾਰੀ-ਕਰਮਚਾਰੀ ਤਾਲਮੇਲ ਕਮੇਟੀ ਦੇ ਬੈਨਰ ਹੇਠ ਕੀਤਾ ਗਿਆ ਸੀ, ਜਿਸ ‘ਚ ਜ਼ਿਲ੍ਹੇ ਭਰ ਦੇ ਕਰਮਚਾਰੀਆਂ ਅਤੇ ਡਾਕਟਰਾਂ ਨੇ ਹਿੱਸਾ ਲਿਆ।

ਧਰਨੇ ‘ਤੇ ਬੈਠੇ ਕਰਮਚਾਰੀਆਂ ਨੇ ਕਿਹਾ ਕਿ ਹਰਿਆਣਾ ਸਰਕਾਰ ਦੁਆਰਾ ਲਾਗੂ ਕੀਤੇ ਇਸ ਨਵੇਂ ਨਿਯਮ ਦੇ ਤਹਿਤ ਸਾਰੇ ਕਰਮਚਾਰੀਆਂ ਅਤੇ ਡਾਕਟਰਾਂ ਨੂੰ ਆਪਣੇ ਨਿੱਜੀ ਮੋਬਾਈਲ ਫੋਨਾਂ ‘ਚ ਜੀਓ-ਫੈਂਸਿੰਗ ਐਪਲੀਕੇਸ਼ਨ ਡਾਊਨਲੋਡ ਕਰਨੀ ਪਵੇਗੀ ਅਤੇ ਡਿਊਟੀ ਦੌਰਾਨ ਫੋਨ ਦੀ ਸਥਿਤੀ ਚਾਲੂ ਰੱਖਣੀ ਪਵੇਗੀ। ਇਸ ਪ੍ਰਣਾਲੀ ਰਾਹੀਂ ਉਨ੍ਹਾਂ ਦੀ ਹਾਜ਼ਰੀ ਦਰਜ ਕੀਤੀ ਜਾਵੇਗੀ। ਹਰਿਆਣਾ ਸਰਕਾਰ ਦਾ ਤਰਕ ਹੈ ਕਿ ਇਸ ਨਾਲ ਸਿਹਤ ਵਿਭਾਗ ‘ਚ ਜਵਾਬਦੇਹੀ ਅਤੇ ਪਾਰ-ਦਰਸ਼ਤਾ ਵਧੇਗੀ, ਪਰ ਕਰਮਚਾਰੀਆਂ ਦਾ ਕਹਿਣਾ ਹੈ ਕਿ ਇਹ ਨਿੱਜਤਾ ‘ਤੇ ਹਮਲਾ ਹੈ ਅਤੇ ਵਿਵਹਾਰਕ ਤੌਰ ‘ਤੇ ਬਹੁਤ ਮੁਸ਼ਕਿਲ ਹੈ।

# ਛਣਕਾਟੇ 'ਚ ਸਮਾਜਿਕ ਕੁਰੀਤੀਆਂ ਤੇ ਦੇਸ਼ ਭਰ ਵਿੱਚ ਫੈਲੇ ਭ੍ਰਿਸਟਾਚਾਰ ਵਿਰੁੱਧ ਜੜ ਜੜ ਕੇ ਕੋਕੇ ਲਾਉਣ ਵਾਲਾ ਚਾਚਾ ਚਤਰਾ ਅਚਾਨਕ ਹੀ ਪੰਜਾਬੀਆਂ ਨੂੰ ਰੁਆ ਕੇ ਚਲਾ ਗਿਆ

ਸੁਖਜਿੰਦਰ ਸਿੰਘ ਪੰਜਗਰਾਈਂ
ਮੋਬਾਈਲ: 98724-00034

ਪ੍ਰਸਿੱਧ ਪੰਜਾਬੀ ਕਮੇਡੀਅਨ ਤੇ ਅਦਾਕਾਰ ਜਸਵਿੰਦਰ ਸਿੰਘ ਭੱਲਾ ਉਰਫ ਚਾਚਾ ਚਤਰਾ ਦਾ ਅੱਜ 22 ਅਗਸਤ ਨੂੰ ਸਵੇਰ ਅਚਾਨਕ ਦਿਹਾਂਤ ਹੋ ਗਿਆ, ਉਹਨਾਂ ਦੇ ਦਿਹਾਂਤ ਦੀ ਖਬਰ ਸ਼ੋਸ਼ਲ ਮੀਡੀਆ ਤੇ ਅੱਗ ਵਾਂਗ ਫੈਲ ਗਈ,ਜਸਵਿੰਦਰ ਸਿੰਘ ਭੱਲਾ ਦੇ ਚਾਹੁੰਣ ਵਾਲਿਆਂ ਤੇ ਸਮੁੱਚੇ ਪੰਜਾਬੀ ਫਿਲਮ ਜਗਤ ਨੂੰ ਇਸ ਖਬਰ ਨੇ ਡੂੰਘੇ ਸਦਮੇ ਅੰਦਰ ਧੱਕਾ ਦਿੱਤਾ । ਉਹਨਾਂ ਦਾ ਵਿਛੋੜਾ ਪੰਜਾਬੀ ਸਰੋਤਿਆਂ ਤੇ ਉਹਨਾਂ ਦੇ ਪਰਿਵਾਰ ਲਈ ਅਸਹਿ ਹੈ। ਪੰਜਾਬੀ ਦੇ ਇਸ ਪ੍ਰਸਿੱਧ ਕਾਮੇਡੀਅਨ ਅਤੇ ਅਦਾਕਾਰ ਜਸਵਿੰਦਰ ਸਿੰਘ ਭੱਲਾ ਦਾ ਜਨਮ 4 ਮਈ 1960 ਨੂੰ ਲੁਧਿਆਣਾ ਜਿਲ੍ਹੇ ਦੇ ਪਿੰਡ ਦੋਰਾਹਾ ਪੰਜਾਬ ਵਿੱਚ ਮਾਤਾ ਸਤਵੰਤ ਕੌਰ ਦੀ ਕੁੱਖੋਂ ਪਿਤਾ ਬਹਾਦਰ ਸਿੰਘ ਭੱਲਾ ਦੇ ਘਰ ਵਿਖੇ ਹੋਇਆ ਸੀ। ਉਨ੍ਹਾਂ ਦੇ ਪਿਤਾ ਮਾਸਟਰ ਬਹਾਦਰ ਸਿੰਘ ਭੱਲਾ ਇੱਕ ਪ੍ਰਾਇਮਰੀ ਸਕੂਲ 'ਚ ਅਧਿਆਪਕ ਸਨ। ਜਸਵਿੰ-ਦਰ ਸਿੰਘ ਭੱਲਾ ਦਾ ਵਿਆਹ ਪਰਮਦੀਪ ਕੌਰ ਭੱਲਾ ਨਾਲ ਹੋਇਆ। ਉਹਨਾਂ ਦੇ ਦੋ ਬੱਚੇ ਪੁੱਤਰ ਪੁਖਰਾਜ ਸਿੰਘ ਭੱਲਾ ਤੇ ਧੀ ਅਰਸ਼ਪ੍ਰੀਤ ਕੌਰ ਭੱਲਾ ਹਨ। ਜਸਵਿੰਦਰ ਸਿੰਘ ਭੱਲਾ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੋਂ ਬੀ.ਐਸਸੀ. ਅਤੇ ਐਮ.ਐਸਸੀ. ਕੀਤੀ, ਅਤੇ 1989 ਵਿੱਚ ਉੱਥੇ ਲੈਕਚਰਾਰ ਵਜੋਂ ਕੈਰੀਅਰ ਸ਼ੁਰੂ ਕੀਤਾ, ਜਿੱਥੇ ਉਹ 2020 ਵਿੱਚ ਵਿਭਾਗ ਦੇ ਮੁਖੀ ਵਜੋਂ ਸੇਵਾਮੁਕਤ ਹੋਏ ਸਨ। ਜਸਵਿੰਦਰ ਸਿੰਘ ਭੱਲਾ ਕਿਸਾਨ ਮੇਲਿਆਂ ਦੇ ਵੀ ਸ਼ਿੰਗਾਰ ਹੁੰਦੇ ਸੀ ਤੇ ਖੇਤੀਬਾੜੀ ਅਫਸਰ ਹੋਣ ਕਰਕੇ ਉਹ ਕਿਸਾਨਾਂ ਨੂੰ ਅਗਾਂਹ ਵਧੂ ਕਿਸਾਨ ਬਣਾਉਣ ਲਈ ਵਧੀਆ ਖੇਤੀ ਕਰਨ ਲਈ ਕਿਸਾਨਾਂ ਨੂੰ ਪ੍ਰੇਰਿਤ ਕਰਦੇ ਰਹਿੰਦੇ ਸੀ ਤੇ ਉਹਨਾਂ ਦੇ ਭਾਸ਼ਣ ਦੌਰਾਨ ਜਿੱਥੇ ਉਹਨਾਂ ਦੇ ਚਿਹਰੇ ਤੇ ਵੱਖਰੀ ਖੁਸ਼ੀ ਝਲਕ ਦੀ ਰਹਿੰਦੀ ਸੀ ਤੇ ਉਹ ਭਾਸ਼ਣ ਦੌਰਾਨ ਵੀ ਮਜਾਕੀਆ ਲਹਿਜੇ ਵਾਲੀਆਂ ਗੱਲਾਂ ਕਰਦੇ ਕਿਸਾਨਾਂ ਨੂੰ ਮਹੱਤਵਪੂਰਣ ਜਾਣਕਾਰੀ ਦਿੰਦੇ ਰਹਿੰਦੇ ਸਨ,ਦਾਸ ਨੇ(ਲੇਖਕ ਨੇ) ਫਰੀਦਕੋਟ ਕਿਸਾਨ ਮੇਲੇ ਤੇ ਕਈ ਵਾਰ ਉਹਨਾਂ ਨੂੰ ਵੱਖਰੇ ਢੰਗ ਨਾਲ ਕਿਸਾਨਾਂ ਨੂੰ ਸੰਬੋਧਿਤ ਹੁੰਦਿਆਂ ਦੇਖਿਆ ਹੈ। ਜਸਵਿੰਦਰ ਸਿੰਘ ਭੱਲਾ ਦੀ ਦਮਦਾਰ ਪੇਸ਼ਕਾਰੀ ਜਲੰਧਰ ਦੂਰਦਰਸ਼ਨ ਕੇਂਦਰ ਅਤੇ ਪ੍ਰੋਫੈਸਰ ਮੋਹਨ ਸਿੰਘ ਮੇਲੇ ਦੀ ਵੀ ਸ਼ਾਨ ਹੁੰਦੀ ਸੀ। ਜਸਵਿੰਦਰ ਸਿੰਘ ਭੱਲਾ ਨੇ 1988 ਵਿੱਚ ਸਹਿ ਕਲਾਕਾਰ ਬਾਲ ਮੁਕੰਦ ਸ਼ਰਮਾ ਤੇ ਨੀਲੂ ਸ਼ਰਮਾ ਦੇ



ਨਾਲ "ਛਣਕਾਟਾ" ਪ੍ਰੋਗਰਾਮ ਨਾਲ ਕਾਮੇਡੀ ਦੀ ਸ਼ੁਰੂਆਤ ਕੀਤੀ, ਜਿਸ ਵਿੱਚ "ਚਾਚਾ ਚਤਰਾ" ਦਾ ਕਿਰਦਾਰ ਬਹੁਤ ਮਸ਼ਹੂਰ ਹੋਇਆ ਤੇ ਪੰਜਾਬੀਆਂ ਨੇ ਖੂਬ ਪਸੰਦ ਕੀਤਾ। ਉਹਨਾਂ ਨੇ ਛਣਕਾਟੇ 'ਚ ਸਮਾਜਿਕ ਕੁਰੀਤੀਆਂ ਤੇ ਦੇਸ਼ ਵਿਚ ਫੈਲੇ ਭ੍ਰਿਸਟਾਚਾਰ ਵਿਰੁੱਧ ਠੋਕ ਠੋਕ ਕੇ ਕੋਕੇ ਜੜੇ। ਉਨ੍ਹਾਂ ਦੀ ਪਹਿਲੀ ਫਿਲਮ ਮਹੌਲ ਠੀਕ ਸੀ, ਜਿਸ ਤੋਂ ਬਾਅਦ ਕੈਰੀ ਆਨ ਜੱਟਾ, ਦੁੱਲਾ ਭੱਟੀ ,ਡੈਡੀ ਕੂਲ ਮੁੰਡੇ ਫੂਲ", ਜੱਟ ਐਂਡ ਜੂਲੀਅਟ, ਮੇਲ ਕਰਾ ਦੇ ਰੱਬਾ,ਕੀਹਨੇ ਮੇਰਾ ਦਿਲ ਲੁੱਟਿਆ, ਪਾਵਰਕੱਟ ਵਰਗੀਆਂ ਅਨੇਕਾਂ ਸੁਪਰਹਿੱਟ ਫਿਲਮਾਂ ਵਿੱਚ ਕੰਮ ਕੀਤਾ। ਉਨ੍ਹਾਂ ਦੀ ਡਾਇਲਾਗ ਡਿਲੀਵਰੀ ਨੂੰ ਪੰਜਾਬੀ ਸਿਨੇਮਾ ਵਿੱਚ ਸਭ ਤੋਂ ਤੇਜ਼ ਮੰਨਿਆ ਜਾਂਦਾ ਸੀ, ਜਿਸ ਕਾਰਨ ਉਨ੍ਹਾਂ ਨੂੰ ਕਈ ਪੁਰਸਕਾਰ ਵੀ ਮਿਲੇ ਸਨ। ਜਸਵਿੰਦਰ ਭੱਲਾ ਬਿਨਾਂ ਹਰ ਪੰਜਾਬੀ ਫਿਲਮ ਅਧੂਰੀ ਜਿਹੀ ਜਾਪਦੀ ਸੀ। ਜਸਵਿੰਦਰ ਸਿੰਘ ਭੱਲਾ ਬਹੁਤ ਹੀ ਵਧੀਆ ਮਿਲਣਸਾਰ ਤੇ ਸਾਊ ਦਰਵੇਸ਼ ਇਨਸਾਨ ਸਨ।

ਜਸਵਿੰਦਰ ਭੱਲਾ ਸੋਸ਼ਲ ਮੀਡੀਆ 'ਤੇ ਵੀ ਸਰਗਰਮ ਰਹਿੰਦੇ ਸਨ, ਜਿੱਥੇ ਉਹ ਸ਼ਾਇਰੀ ਅਤੇ ਮਜ਼ਾਕੀਆ ਪੋਸਟਾਂ ਸਾਂਝੀਆਂ ਕਰਦੇ ਸਨ। ਉਨ੍ਹਾਂ ਦਾ ਪੁੱਤਰ ਪੁਖਰਾਜ ਭੱਲਾ ਵੀ ਪੰਜਾਬੀ ਫਿਲਮਾਂ ਵਿੱਚ ਆਦਾਕਰੀ ਕਰ ਰਿਹਾ ਹੈ। ਉਹ ਮੋਹਾਲੀ ਦੇ ਫੌਰਟਿਸ ਹਸਪਤਾਲ ਵਿੱਚ ਇਲਾਜ ਅਧੀਨ ਸਨ ਜਿੱਥੇ ਅੱਜ 22 ਅਗਸਤ 2025 ਦੀ ਸਵੇਰ ਉਹਨਾਂ ਆਖਰੀ ਸਾਹ ਲਿਆ। ਉਹ 65 ਸਾਲ ਦੇ ਸਨ। ਉਹਨਾਂ ਦੇ ਇਸ ਤਰ੍ਹਾਂ ਅਚਾਨਕ ਚਲੇ ਜਾਣ ਨਾਲ ਉਹਨਾਂ ਦੇ ਪਰਿਵਾਰ ਤੇ ਪੰਜਾਬੀ ਫਿਲਮ ਜਗਤ ਤੇ ਪੰਜਾਬੀ ਸਰੋਤਿਆਂ ਨੂੰ ਕਦੇ ਨਾਂ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ,ਉਹਨਾਂ ਦੇ ਦਿਹਾਂਤ ਦਾ ਪਤਾ ਲੱਗਣ ਤੋਂ ਬਾਅਦ ਜਸਵਿੰ-ਦਰ ਸਿੰਘ ਭੱਲਾ ਨੂੰ ਪਿਆਰ ਕਰਨ ਵਾਲੇ ਲੋਕੀਂ ਬਹੁਤ ਹੀ ਭਾਵੁਕ ਸਨ ਤੇ ਹਰੇਕ ਨੇ ਸ਼ੋਸ਼ਲ ਮੀਡੀਆ ਉੱਤੇ ਪੋਸਟ ਪਾ ਕੇ ਉਹਨਾਂ ਦੇ ਵਿਛੋੜੇ ਨੂੰ ਅਸਹਿ ਦੱਸਿਆ ਤੇ ਉਹਨਾਂ ਦੀ ਆਤਮਾ ਨੂੰ ਚਰਨਾਂ ਵਿੱਚ ਨਿਵਾਸ ਬਖਸ਼ਣ ਦੀਆਂ ਪ੍ਰਮਾਤਮਾ ਅੱਗੇ ਅਰਦਾਸਾਂ ਕੀਤੀਆਂ। ਜਸਵਿੰਦਰ ਸਿੰਘ ਭੱਲਾ ਦੀ ਮ੍ਰਿਤਕ ਦੇਹ ਦਾ ਅੰਤਿਮ ਸਸਕਾਰ ਅੱਜ ਮਿਤੀ 23 ਅਗਸਤ 2025 ਨੂੰ ਮੋਹਾਲੀ ਦੇ ਬਲੌਂਗੀ ਸ਼ਮਸ਼ਾਨਘਾਟ ਵਿਖੇ ਦੁਪਹਿਰ ਦੇ ਲਗਪਗ 12 ਵਜੇ ਹੋਵੇਗਾ ,ਜਿਥੇ ਪੰਜਾਬੀ ਫਿਲਮ ਜਗਤ ਦੀਆਂ ਵੱਡੀਆਂ ਹਸਤੀਆਂ ਸਮੇਤ ਵੱਖ ਵੱਖ ਧਾਰਮਿਕ,ਸਮਾਜਿਕ ਤੇ ਰਾਜਨੀਤਿਕ ਜਥੇਬੰਦੀਆਂ ਦੇ ਆਗੂਆਂ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਉਹਨਾਂ ਨੂੰ ਪਿਆਰ ਕਰਨ ਵਾਲੇ ਲੋਕ ਉਹਨਾਂ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦੇਣਗੇ।

.....ਚਾਚਾ ਚਤਰਾ ਅਲਵਿਦਾ

# ਰੌਸ਼ਨੀ ਪ੍ਰਦੂਸ਼ਣ ਪੰਛੀਆਂ ਦੀ ਗਤੀਵਿਧੀ ਨੂੰ ਵਧਾਉਂਦਾ ਹੈ

ਵਿਜੇ ਗਰਗ

ਰੌਸ਼ਨੀ ਪ੍ਰਦੂਸ਼ਣ ਪੰਛੀਆਂ ਦੀ ਰੋਜ਼ਾਨਾ ਦੀ ਗਤੀਵਿਧੀ ਨੂੰ ਕਾਫ਼ੀ ਲੰਮਾ ਕਰਦਾ ਹੈ, ਮੁੱਖ ਤੌਰ 'ਤੇ ਉਨ੍ਹਾਂ ਦੇ ਕੁਦਰਤੀ ਸਰਕੇਡੀਅਨ ਤਾਲਾਂ ਵਿੱਚ ਵਿਘਨ ਪਾ ਕੇ। ਲੱਖਾਂ ਪੰਛੀਆਂ ਦੇ ਗਾਣੇ ਦੀ ਖੋਜ ਨੂੰ ਸ਼ਾਮਲ ਕਰਨ ਵਾਲੇ ਇੱਕ ਵਿਸ਼ਵਵਿਆਪੀ ਅਧਿਐਨ ਵਿੱਚ ਪਾਇਆ ਗਿਆ ਹੈ ਕਿ, ਔਸਤਨ, ਰੌਸ਼ਨੀ ਪ੍ਰਦੂਸ਼ਣ ਪੰਛੀਆਂ ਦੀ ਵੋਕਲ ਗਤੀਵਿਧੀ ਨੂੰ ਲਗਭਗ 50 ਮਿੰਟ ਵਧਾਉਂਦਾ ਹੈ। ਚਮਕਦਾਰ ਰੌਸ਼ਨੀ ਵਾਲੇ ਖੇਤਰਾਂ ਵਿੱਚ ਪੰਛੀ ਸਵੇਰੇ ਜਲਦੀ ਗਾਉਣਾ ਸ਼ੁਰੂ ਕਰ ਦਿੰਦੇ ਹਨ ਅਤੇ ਸ਼ਾਮ ਤੱਕ ਦੇਰ ਨਾਲ ਜਾਰੀ ਰਹਿੰਦੇ ਹਨ। ਇਹ ਵਰਤਾਰਾ ਰਾਤ ਨੂੰ ਨਕਲੀ ਰੋਸ਼ਨੀ ਦਾ ਸਿੱਧਾ ਨਤੀਜਾ ਹੈ ਜੋ ਪੰਛੀ ਆਪਣੇ ਰੋਜ਼ਾਨਾ ਅਤੇ ਮੌਸਮੀ ਵਿਵਹਾਰ ਨੂੰ ਨਿਯੰਤ੍ਰਿਤ ਕਰਨ ਲਈ ਵਰਤਦੇ ਹਨ, ਰੌਸ਼ਨੀ-ਹਨੇਰੇ ਸੰਕੇਤਾਂ ਵਿੱਚ ਦਖਲਅੰਦਾਜ਼ੀ ਕਰਦਾ ਹੈ। ਉਨ੍ਹਾਂ ਦੀਆਂ ਜੈਵਿਕ ਘੜੀਆਂ ਪ੍ਰਕਾਸ਼ ਚੱਕਰਾਂ ਪ੍ਰਤੀ ਬਹੁਤ ਸੰਵੇਦਨਸ਼ੀਲ ਹੁੰਦੀਆਂ ਹਨ, ਅਤੇ ਨਕਲੀ ਰੌਸ਼ਨੀ ਦੀ ਮੌਜੂਦਗੀ ਉਨ੍ਹਾਂ ਨੂੰ ਇਹ ਸੋਚਣ ਲਈ ਭਰਮਾ ਸਕਦੀ ਹੈ ਕਿ ਦਿਨ ਪਹਿਲਾਂ ਨਾਲੋਂ ਲੰਬਾ ਹੈ। ਇੱਥੇ ਪ੍ਰਕਾਸ਼ ਪ੍ਰਦੂਸ਼ਣ ਪੰਛੀਆਂ ਦੀ ਗਤੀਵਿਧੀ ਨੂੰ ਕਿਵੇਂ ਪ੍ਰਭਾਵਿਤ ਕਰਦਾ ਹੈ ਇਸਦਾ ਇੱਕ ਵੇਰਵਾ ਹੈ:

ਵਧੀ ਹੋਈ ਵੋਕਲਾਈਜ਼ੇਸ਼ਨ: ਅਧਿਐਨ ਦਰਸਾਉਂਦੇ ਹਨ ਕਿ ਹਲਕੇ-ਪ੍ਰਦੂਸ਼ਿਤ ਖੇਤਰਾਂ ਵਿੱਚ, ਪੰਛੀ ਆਪਣੀ ਸਵੇਰ ਦੀ ਕੋਰਸ ਲਗਭਗ 18 ਮਿੰਟ ਪਹਿਲਾਂ ਸ਼ੁਰੂ ਕਰਦੇ ਹਨ ਅਤੇ ਸ਼ਾਮ ਤੱਕ ਲਗਭਗ 32 ਮਿੰਟ ਬਾਅਦ ਗਾਉਂਦੇ ਰਹਿੰਦੇ ਹਨ। ਇਹ ਇੱਕ "ਦਿਨ" ਬਣਾਉਂਦਾ ਹੈ ਜੋ ਉਨ੍ਹਾਂ ਲਈ ਲਗਭਗ ਇੱਕ ਘੰਟਾ ਲੰਬਾ ਹੁੰਦਾ ਹੈ।

ਵਿਘਨ ਪਿਆ ਸਰਕੇਡੀਅਨ ਤਾਲ: ਰਾਤ ਨੂੰ ਰੌਸ਼ਨੀ ਦੀ ਨਿਰੰਤਰ ਮੌਜੂਦਗੀ ਪੰਛੀਆਂ ਦੇ ਅੰਦਰੂਨੀ ਘੜੀਆਂ ਨੂੰ ਬਦਲ ਸਕਦੀ ਹੈ, ਜੋ ਕਿ ਹਾਰਮੋਨ , ਨੀਂਦ ਦੇ ਪੈਟਰਨ ਅਤੇ ਮੈਟਾਬੋਲਿਜ਼ਮ ਸਮੇਤ ਕਈ ਤਰ੍ਹਾਂ ਦੀਆਂ ਸਰੀਰਕ ਪ੍ਰਕਿਰਿਆਵਾਂ ਨੂੰ ਨਿਯੰਤ੍ਰਿਤ ਕਰਦੀਆਂ ਹਨ।

ਪ੍ਰਜਨਨ ਚੱਕਰ ਵਿੱਚ ਬਦਲਾਅ: ਨਕਲੀ ਰੌਸ਼ਨੀ ਮੌਸਮੀ ਤਾਲਾਂ ਵਿੱਚ ਵੀ ਵਿਘਨ ਪਾ ਸਕਦੀ ਹੈ, ਜਿਸ ਕਾਰਨ ਕੁਝ ਪ੍ਰਜਾਤੀਆਂ ਆਪਣੇ ਪ੍ਰਜਨਨ ਚੱਕਰ ਪਹਿਲਾਂ ਸ਼ੁਰੂ ਕਰ ਦਿੰਦੀਆਂ ਹਨ। ਇਹ ਸਮੱਸਿਆ ਵਾਲਾ ਹੋ ਸਕਦਾ ਹੈ ਜੇਕਰ ਪ੍ਰਜਨਨ ਦਾ ਸਮਾਂ ਉਨ੍ਹਾਂ ਦੀ ਸੰਤਾਨ ਲਈ ਮਹੱਤਵਪੂਰਨ ਭੋਜਨ ਸਰੋਤਾਂ ਦੀ ਉਪਲਬਧਤਾ ਨਾਲ ਮੇਲ ਨਹੀਂ ਖਾਂਦਾ।

ਪ੍ਰਜਾਤੀਆਂ-ਵਿਸ਼ੇਸ਼ ਪ੍ਰਭਾਵ: ਪ੍ਰਕਾਸ਼ ਪ੍ਰਦੂਸ਼ਣ ਦਾ ਪ੍ਰਭਾਵ ਸਾਰੀਆਂ ਪ੍ਰਜਾਤੀਆਂ ਵਿੱਚ ਇੱਕੋ ਜਿਹਾ ਨਹੀਂ ਹੁੰਦਾ। ਖੋਜ ਸੁਝਾਅ ਦਿੰਦੀ ਹੈ ਕਿ ਵੱਡੀਆਂ ਅੱਖਾਂ, ਪ੍ਰਵਾਸੀ ਆਦਤਾਂ ਅਤੇ ਖੁੱਲ੍ਹੇ ਆਲ੍ਹਣੇ ਵਾਲੇ ਪੰਛੀ ਵਧੇਰੇ ਪ੍ਰਭਾਵਿਤ ਹੁੰਦੇ ਹਨ।

ਸੰਭਾਵੀ ਨਤੀਜੇ: ਭਾਵੇਂ ਕਿ ਦਿਨ ਦਾ ਲੰਬਾ ਸਮਾਂ ਚਾਰਾ ਲੱਭਣ ਵਰਗੀਆਂ ਗਤੀਵਿਧੀਆਂ ਲਈ ਲਾਭਦਾਇਕ ਜਾਪਦਾ ਹੈ, ਪਰ ਲੰਬੇ ਸਮੇਂ ਦੇ ਪ੍ਰਭਾਵਾਂ ਨੂੰ ਪੂਰੀ ਤਰ੍ਹਾਂ ਸਮਝਿਆ ਨਹੀਂ ਗਿਆ ਹੈ। ਇਸ ਨਾਲ ਨੀਂਦ ਦੀ ਕਮੀ, ਇਮਿਊਨ ਫੰਕਸ਼ਨ ਕਮਜ਼ੋਰ ਹੋ ਸਕਦਾ ਹੈ, ਅਤੇ ਸਮੁੱਚੀ ਸਿਹਤ ਵਿੱਚ ਗਿਰਾਵਟ ਆ ਸਕਦੀ ਹੈ। ਇਹ ਖੋਜ ਜੰਗਲੀ ਜੀਵਾਂ 'ਤੇ ਮਨੁੱਖੀ ਗਤੀਵਿਧੀਆਂ ਦੇ ਦੂਰਗਾਮੀ ਅਤੇ ਵਿਆਪਕ ਪ੍ਰਭਾਵ ਨੂੰ ਉਜਾਗਰ ਕਰਦੀ ਹੈ, ਇੱਥੋਂ ਤੱਕ ਕਿ ਸ਼ਹਿਰ ਦੀਆਂ ਲਾਈਟਾਂ ਦੀ ਚਮਕ ਵਰਗੇ ਜਾਪਦੇ ਤੌਰ 'ਤੇ ਪੈਸਿਵ ਤਰੀਕਿਆਂ ਨਾਲ ਵੀ।

# ਦੇਵ ਥਰੀਕੇ ਵਾਲਾ, ਕਿਵੇਂ ਬਣਿਆ ਨਾਮ

- ਅਸ਼ੋਕ ਬਾਂਸਲ ਮਾਨਸਾ



ਹਰਦੇਵ ਸਿੰਘ ਤੋਂ, ਮਾਸਟਰ ਹਰਦੇਵ ਸਿੰਘ, ਮਾਸਟਰ ਹਰਦੇਵ ਸਿੰਘ, ਤੋਂ ਕਹਾਣੀਕਾਰ ਹਰਦੇਵ ਸਿੰਘ, ਕਹਾਣੀਕਾਰ ਹਰਦੇਵ ਸਿੰਘ ਤੋਂ, ਹਰਦੇਵ ਦਿਲਗੀਰ, ਹਰਦੇਵ ਦਿਲਗੀਰ ਤੋਂ, ਦੇਵ ਥਰੀਕੇ ਵਾਲਾ,

ਪੰਜਾਬੀ ਗੀਤਾਂ ਨੂੰ ਪਿਆਰ ਕਰਨ ਵਾਲਾ ਬੱਚਾ ਬੱਚਾ 'ਦੇਵ ਥਰੀਕੇ ਵਾਲੇ' ਦੇ ਨਾਮ ਤੋਂ ਭਲੀ ਭਾਂਤ ਜਾਣੂੰ ਹੈ ਪਰ 'ਹਰਦੇਵ ਸਿੰਘ' ਤੋਂ 'ਦੇਵ ਥਰੀਕੇ ਵਾਲੇ' ਦਾ ਪੈਂਡਾ ਕਾਫੀ ਲੰਮਾਂ ਤੇ ਔਖਾ ਹੈ ।

ਕਿਸ ਗੀਤ ਦੇ ਹਵਾਲੇ ਨਾਲ ਮੈਂ ਦੇਵ ਦੀ ਗੱਲ ਸ਼ੁਰੂ ਕਰਾਂ ? ਇਹ ਬੇਇਨਸਾਫ਼ੀ ਵੀ ਹੋਵੇਗੀ ਤੇ ਸੂਰਜ ਨੂੰ ਦੀਵਾ ਦਿਖਾਉਣ ਵਾਲੀ ਕਹਾਵਤ ਵੀ ਬਣ ਜਾਵੇਗੀ, ਕਿਉਂਕਿ ਮੈਂ ਕਿਸ ਗੀਤ ਦਾ ਹਵਾਲਾ ਦੇਵਾਂ, ਦੇਵ ਦੇ ਤਾਂ ਇਕ ਤੋਂ ਵੱਧਕੇ ਇਕ ਗੀਤ ਪੰਜਾਬੀਆਂ ਦੇ ਦਿਲਾਂ 'ਚ ਵਸੇ ਪਏ ਐ

ਦੇਵ ਦਾ ਜਨਮ 19 ਸਤੰਬਰ 1939 ਨੂੰ ਪੰਜਾਬ ਦੀ ਸਨਅਤੀ ਰਾਜਧਾਨੀ ਲੁਧਿਆਣੇ ਦੀ ਵੱਖੀ 'ਚ ਵਸਦੇ ਪਿੰਡ ਥਰੀਕੇ ਵਿੱਚ ਪਿਤਾ ਸ੍ਰ ਰਾਮ ਸਿੰਘ ਦੇ ਘਰ ਮਾਤਾ ਸ਼੍ਰੀ ਮਤੀ ਅਮਰ ਕੌਰ ਦੀ ਕੁੱਖੋਂ ਹੋਇਆ। ਭਾਂਵੇ ਦੇਵ ਦਾ ਜਨਮ ਥਰੀਕੇ ਪਿੰਡ ਹੀ ਹੋਇਆ । 'ਥਰੀਕੇ' ਪਿੰਡ ਨੂੰ ਦੇਵ ਨੇ ਦੁਨਿਆਂ ਦੇ ਨਕਸ਼ੇ ਤੇ ਜਾਣ ਪਹਿਚਾਣ ਦਿੱਤੀ ਪਰ 'ਥਰੀਕੇ' ਉਹਦਾ ਜੱਦੀ ਪਿੰਡ ਨਹੀਂ।

ਅਸਲ 'ਚ ਦੇਵ ਦਾ ਜੱਦੀ ਪਿੰਡ ਤਾਂ ਸੰਗਰੂਰ ਜਿਲ੍ਹੇ 'ਚ 'ਰਹੀੜਾਂ' ਐ। ਦੇਵ ਦੀ ਭੂਆ ਕਿਰਪ ਕੌਰ ਥਰੀਕੇ ਪਿੰਡ ਦੇ ਹਰੀ ਸਿੰਘ ਨੂੰ ਵਿਆਹੀ ਹੋਈ ਸੀ, ਦੇਵ ਦਾ ਫੁੱਫੜ ਹਰੀ ਸਿੰਘ ਓਵਰਸੀਅਰ ਲੱਗਾ ਹੋਇਆ ਸੀ, ਜਿਸਦੀ ਡਿਊਟੀ ਸ਼ਿਮਲੇ ਸੀ ।ਉਹਨਾਂ ਦਿਨਾਂ ਵਿੱਚ ਸ਼ਿਮਲਾ ਵੀ ਪੰਜਾਬ ਦਾ ਹੀ ਹਿੱਸਾ ਹੁੰਦਾ ਸੀ।

ਕੁਦਰਤੀ ਕਿਰਪ ਕੌਰ ਵਿੱਡੋਂ ਨਾ ਫੁੱਟੀ ਇਸਤੋਂ ਅਗਲੀ ਦੁਖਦਾਇਕ ਘਟਨਾ ਕਿ ਕਿਰਪ ਕੌਰ ਦਾ ਛੋਟਾ ਭਰਾ ਰਾਮ ਧੰਨ ਸਿੰਘ ਤੇ ਉਸਦੀ ਪਤਨੀ ਉਸਦੀ ਪਤਨੀ ਥ੍ਹੋੜੇ-ਥ੍ਹੋੜੇ ਵਕਫੇ ਵਿੱਚ ਹੀ ਅਕਾਲ ਚਲਾਣਾ ਕਰ ਗਏ। ਉਸ ਵੇਲੇ ਕਿਰਪ ਕੌਰ ਦਾ ਭਤੀਜੇ ਤੇ ਰਾਮ ਧੰਨ ਸਿੰਘ ਦੇ ਪੁੱਤਰ ਦੀ ਉਮਰ ਸਿਰਫ ਚਾਰ ਵਰ੍ਹੇ ਹੀ ਸੀ, ਜਿਸਦਾ ਨਾਮ ਰਾਮ ਸਿੰਘ ਸੀ।

ਕਿਰਪ ਕੌਰ ਨੂੰ ਆਪਣੇ ਬਾਬਲ ਦੇ ਵੇਹੜੇ ਦੇ ਚਿਰਾਗ ਰਾਮ ਸਿੰਘ ਦੇ ਯਤੀਮ ਹੋਣ ਦਾ ਡਾਹਢਾ ਦੁੱਖ ਹੋਇਆ । ਉਹ ਆਪਣੇ ਭਤੀਜੇ ਰਾਮ ਸਿੰਘ ਨੂੰ ਆਪਣੇ ਕੋਲ ਸ਼ਿਮਲੇ ਹੀ ਲੈ ਗਈ । ਹਰੀ ਸਿੰਘ ਸੇਵਾ ਮੁੱਕਤ ਹੋ ਕੇ ਪ੍ਰੀਵਾਰ ਸਮੇਤ ਆਪਣੇ ਪਿੰਡ ਥਰੀਕੇ ਆ ਗਿਆ। ਉਸਨੇ ਰਾਮ ਸਿੰਘ ਦਾ ਪਾਲਣ ਪੋਸ਼ਣ ਪੁੱਤਾਂ ਵਾਂਗੂੰ ਹੀ ਕੀਤਾ ਬਹੁਤੇ ਤਾਂ ਪਿੰਡ ਦੇ ਲੋਕਾਂ ਨੂੰ ਵੀ ਪਤਾ ਨਹੀਂ ਲੱਗਦਾ ਸੀ ਕਿ ਰਾਮ ਸਿੰਘ ਹਰੀ ਸਿੰਘ ਦਾ ਪੁੱਤਰ ਐ ਕਿ ਉਸਦੀ ਘਰ ਵਾਲੀ ਦਾ ਭਤੀਜਾ

ਰਾਮ ਸਿੰਘ ਜਵਾਨ ਹੋਇਆ ਤੇ ਭਾਈਕੇ ਦਿਆਲਪੁਰੇ ( ਜਿਲ੍ਹਾ ਬਠਿੰਡਾ) ਵਿਆਹਿਆ ਗਿਆ ਰਾਮ ਸਿੰਘ ਦੇ ਘਰ ਦੋ ਬੇਟੇ ਪੈਦਾ ਹੋਏ ਹਰਦੇਵ ਸਿੰਘ ਤੇ ਗੁਰਦੇਵ ਸਿੰਘ, ਛੋਟਾ ਗੁਰਦੇਵ ਸਿੰਘ ਤੇ ਵੱਡਾ ਆਹੀ ਹਰਦੇਵ ਸਿੰਘ ਉਰਫ ਦੇਵ ਥਰੀਕੇ ਵਾਲਾ ।

ਦੇਵ ਨੇ ਪ੍ਰਾਈਮਰੀ ਵਿਦਿਆ ਪਿੰਡ ਦੇ ਸਕੂਲ ਤੋਂ ਲਈ ਤੇ ਮਿਡਲ ਨਾਲ ਦੇ ਪਿੰਡ ਲਲਤੋਂ ਤੋਂ। ਲਲਤੋ ਸਕੂਲ ਪੜ੍ਹਦੇ ਸਮੇਂ ਉਸਨੂੰ ਮਾਸਟਰ ਹਰੀ ਸਿੰਘ ਦਿਲਬਰ ਤੋਂ ਸਾਹਿਤਕ ਜਾਗ ਲਗ ਗਈ ਜੋ ਵਧੀਆ ਕਹਾਣੀਕਾਰ ਤੇ ਨਾਵਲਕਾਰ ਸਨ। ਦੇਵ ਵੀ ਕਹਾਣੀਆਂ ਲਿਖਣ ਲੱਗ ਪਿਆ, ਪਰ ਜੋ ਲਿਖਦਾ ਉਹ ਹਰੀ ਸਿੰਘ ਦਿਲਬਰ ਹੋਰਾਂ ਨੂੰ ਦਿਖਾਉਂਦਾ । ਦੇਵ ਦੀਆਂ ਲਿਖਤਾਂ ਪੜ੍ਹ ਕੇ ਇਕ ਦਿਨ ਦਿਲਬਰ ਦੇ ਮੂੰਹੋਂ ਅਚਨਚੇਤ ਹੀ ਨਿਕਲਿਆ ਕਿ "ਕਾਕਾ ਤੂੰ ਇਕ ਦਿਨ ਵੱਡਾ ਲਿਖਾਰੀ ਬਣੇਂਗਾ"

ਦੇਵ ਨੇ ਜਗਰਾਓਂ ਤੋਂ ਜੇ ਬੀ ਟੀ ਕਰ ਲਈ,ਇਸੇ ਸਮੇਂ ਦੌਰਾਨ ਹੀ ਉਹਦਾ ਵਿਆਹ ਪਿੰਡ ਸਹੌਲੀ ਦੇ ਸ੍ਰ ਅਰਜਨ ਸਿੰਘ ਦੀ ਧੀ ਪ੍ਰੀਤਮ ਕੌਰ ਨਾਲ ਹੋ ਗਿਆ । 1960 ਵਿੱਚ ਦੇਵ ਮਲਟੀ ਪਰਪਜ਼ ਸਕੂਲ ਲੁਧਿਆਣਾ ਵਿੱਚ ਅਧਿਆਪਕ ਲੱਗ ਗਿਆ

ਦੇਵ ਦਾ ਇਕ ਮਿੱਤਰ ਹੁੰਦਾ ਸੀ ਪਰੇਮ ਕੁਮਾਰ ਸ਼ਰਮਾਂ ਜੋ ਸਿਓੜੇ ਪਿੰਡ ਤੋਂ ਸੀ, ਤੇ ਇਕ ਹੋਰ ਮਿੱਤਰ ਸੀ ਡਾ ਦੱਤਾ ਜੋ ਘੁਮਾਰ ਮੰਡੀ ਲੁਧਿਆਣਾ ਤੋਂ ਸੀ। ਇਹ ਗੱਲ ਤਕਰੀਬਨ 1961 ਦੀ ਹੈ, ਪਰੇਮ ਕੁਮਾਰ ਸ਼ਰਮਾ ਚੰਗਾ ਗਾਉਂਦਾ ਸੀ, ਉਸਦੀ ਸਿਲੇਕਸ਼ਨ ਐਚ ਐਮ ਵੀ ਕੰਪਨੀ ਵਿੱਚ ਹੋ ਗਈ, ਹੁਣ ਪਰੇਮ ਕੁਮਾਰ ਨੂੰ ਗੀਤ ਚਾਹੀਦੇ ਸਨ ਉਹਨਾਂ ਦਿਨਾਂ ਵਿੱਚ ਥਰੀਕਿਆਂ ਦੇ ਨਾਲ ਦੇ ਪਿੰਡ ਹਸਨਪੁਰ ਦਾ ਇੰਦਰਜੀਤ ਗੀਤਕਾਰ ਵੱਜੋਂ ਚਰਚਾ 'ਚ ਆ ਚੁੱਕਾ ਸੀ, ਪ੍ਰੇਮ ਨੇ ਦੇਵ ਨੂੰ ਕਿਹਾ ਕਿ ਤੂੰ ਮੈਨੂੰ ਹਸਨਪੁਰੀ ਤੋਂ ਗੀਤ ਲੈ ਕੇ ਦੇਹ ਕਿਉਂਕਿ ਇੰਦਰਜੀਤ ਤੇਰੇ ਗੁਆਂਢੀ ਪਿੰਡ ਦਾ ਐ,

ਦੇਵ ਨੇ ਦੋ ਤਿੰਨ ਵਾਰ ਹਸਨਪੁਰੀ ਕੋਲ ਚੱਕਰ ਲਾਏ ਪਰ ਹਸਨਪੁਰੀ ਨੇ ਉਸਨੂੰ ਕੋਈ ਗੀਤ ਨਾ ਦਿੱਤਾ ਸਗੋਂ ਟਾਲ ਦਿਆ ਕਰੇ,ਸ਼ਾਇਦ ਉਹ ਨਵੇਂ ਗਾਇਕ ਨੂੰ ਗੀਤ ਦੇਣੇ ਹੀ ਨਹੀਂ ਚਾਹੁੰਦਾ ਸੀ।

ਉਧਰੋਂ ਪ੍ਰੇਮ ਕੁਮਾਰ ਦੀ ਰਿਕ-ਾਰਡਿੰਗ ਦੀ ਤਾਰੀਖ ਨੇੜੇ ਆ ਰਹੀ ਸੀ , ਪ੍ਰੇਮ ਕੁਮਾਰ ਤੇ ਡਾ ਦੱਤਾ ਘੁਮਾਰ ਮੰਡੀ ਵਾਲੇ ਸਮੇਤ ਹੋਰ ਮਿਤਰਾਂ ਨੇ ਆਖਿਆ "ਕਿ ਜੇ ਹਸਨਪੁਰੀ ਗੀਤ ਨਹੀਂ ਦਿੰਦਾ, ਦੇਵ ਤੂੰ ਆਪ ਈ ਲਿੱਖ ਲੈ, ਐਡੀ ਵਧੀਆ ਕਹਾਣੀ ਲਿਖਦੈਂ, ਗੀਤ ਵੀ ਲਿੱਖ ਸਕਦੈਂ, ਕਹਾਣੀਕਾਰ ਲਈ ਗੀਤ ਲਿਖਣੇ ਕੋਈ ਵੱਡੀ ਗੱਲ ਨਹੀਂ "

ਬੱਸ ਦੇਵ ਦੇ ਅੰਦਰ ਬੈਠਾ ਗੀਤਕਾਰ ਜਾਗ ਪਿਆ, ਪੈਂਦੀ ਸੱਟੇ ਦੇਵ ਨੇ ਚਾਰ ਗੀਤ ਲਿੱਖ ਧਰੇ, ਦੇਵ ਦੀ ਕਿਸਮਤ ਦੇਖੋ ਐਚ ਐਮ ਵੀ ਦੇ ਮੈਨੇਜਰ ਸੰਤ ਰਾਮ ਨੇ ਚਾਰੇ ਹੀ ਗੀਤ ਸਲੈਕਟ ਕਰ ਲਏ,ਤੇ ਪ੍ਰੇਮ ਕੁਮਾਰ ਸ਼ਰਮੇਂ ਦੀ ਰਿਕਾਰਡਿੰਗ ਸੰਪੂਰਨ ਹੋ ਗਈ, ਗਾਇਕ ਵੀ ਨਵਾਂ ਤੇ ਗੀਤਕਾਰ ਵੀ ਨਵਾਂ, ਐਚ ਐਮ ਵੀ ਨੇ ਦੋ ਦੋ ਗੀਤਾਂ ਦੇ ਤਵੇ ਬਣਾ ਕੇ ਰੀਲੀਜ਼ ਕੀਤੇ। ਇਹ ਗੀਤ ਸਨ

ਹੌਲੀ ਹੌਲੀ ਨੱਚ ਪੱਤਲੋ, ਤੇਰੀ ਗੁੱਤ ਗਿੱਟਿਆਂ ਵਿੱਚ ਵੱਜਦੀ

ਭਾਬੀ ਤੇਰੀ ਧੌਣ ਦੇ ਉੱਤੇ, ਗੁੱਤ ਮੇਹਲਦੀ ਨਾਗ ਬਣ ਕਾਲਾ

ਤੇਰੀ ਜੁੱਤੀ ਦੇ ਛਣਕਦੇ ਬੋਰ, ਪੈਰਾਂ 'ਚ ਪੰਜੇਬਾਂ ਵਾਲੀਏ

ਹਾਕਾਂ ਮਾਰਦੇ ਬੱਕਰੀਆਂ ਵਾਲੇ,

ਬੱਸ ਇੱਥੋਂ ਈ ਸ਼ੁਰੂ ਹੰਦਾ ਹੈ ਦੇਵ ਦੀ ਗੀਤਕਾਰੀ ਦਾ ਸਫਰ, ਪ੍ਰੇਮ ਕੁਮਾਰ ਤਾ ਬੰਬਈ ਚਲਾ ਗਿਆ ਪਰ ਪੰਜਾਬ ਨੂੰ ਇਕ ਉੱਤਮ ਗੀਤਕਾਰ ਦੇ ਗਿਆ । ਇਸਤੋਂ ਬਾਅਦ ਜਮਾਲਪੁਰ ਵਾਲੇ ਕਰਨੈਲ ਗਿੱਲ ਨੇ ਦੇਵ ਦੇ ਦੋ ਗੀਤ ਰਿਕਾਰਡ ਕਰਵਾਏ

ਅੰਬੀਆਂ ਨੂੰ ਤਰਸੇਂਗੀ ਛੱਡਕੇ ਦੇਸ਼ ਦੁਆਬਾ

ਗੱਡੀ ਚੜ੍ਹਦੀ ਭੰਨਾ ਲਏ ਗੋਡੇ ਚਾਅ ਮੁਕਲਾਵੇ ਦਾ

ਉਸ ਤੋਂ ਬਾਅਦ ਚੱਲ ਸੋ ਚੱਲ ਦੇਵ ਨੇ ਕਦੀ ਪਿਛਾਂਹ ਮੁੜ ਕੇ ਨਹੀਂ ਤੱਕਿਆ, ਪੰਜਾਬ ਦੇ ਹਰ ਚੋਟੀ ਦੇ ਗਾਇਕ ਨੇ ਦੇਵ ਦੇ ਗੀਤ ਗਾਏ, ਇਕ ਵਾਰੀ ਦੇਵ ਨਰਿੰਦਰ ਬੀਬਾ ਦੇ ਘਰ ਗਿਆ ਤਾਂ ਮਹਿਸੂਸ ਕੀਤਾ ਕਿ ਨਰਿੰ-ਦਰ ਬੀਬਾ ਤੇ ਉਸਦਾ ਪਤੀ ਹਰਪਾਲ ਸਿੰਘ ਪਾਲੀ ਵਿਚਕਾਰ ਕੋਈ ਮਾਮੂਲੀ ਜਿਹਾ ਪਤੀ-ਪਤਨੀ ਦਾ ਝਗੜਾ ਹੋ ਕੇ ਹਟਿਐ ਤੇ ਬੀਬਾ ਦੀਆਂ ਅੱਖਾਂ ਸਿੱਲ੍ਹੀਆਂ ਨੇ, ਕੁੱਝ ਕਹੇ ਤੇ ਪੁੱਛੇ ਬਿਨਾਂ ਦੇਵ ਨੇ ਇਕ ਗੀਤ ਲਿਖਿਆ ਜੋ ਬੀਬਾ ਆਪਣੇ ਪਤੀ ਪਾਲੀ ਨੂੰ ਸੰਬੋਧਨ ਕਰਕੇ ਗਾਉਂਦੀ ਐ ਦੇਵ ਦਾ ਲਿਖਿਆ ਇਹ ਗੀਤ ਨਰਿੰਦਰ ਬੀਬਾ ਦੀ ਆਵਾਜ਼ ਵਿੱਚ ਸੁਪਰ ਹਿੱਟ ਹੋਇਆ, ਜਿਸ ਦੇ ਬੋਲ ਹਨ

ਕਾਹਨੂੰ ਮਾਰਦੈਂ ਚੰਦਰਿਆ ਛਮਕਾਂ
ਮੈਂ ਕੱਚ ਦੇ ਗਲਾਸ ਵਰਗੀ
ਫੇਰ ਰੋਵੇਂਗਾ ਢਿੱਲੇ ਜਹੇ ਬੁੱਲ੍ਹ ਕਰਕੇ
ਵੇ 'ਪਾਲੀ' 'ਬੀਬਾ' ਜਦੋਂ ਮਰ ਗਈ
ਕਾਲਾ ਘੱਗਰਾ ਸੰਦੂਕ ਵਿੱਚ ਮੇਰਾ
ਤੂੰ ਦੇਖ ਦੇਖ ਰੋਵੇਂਗਾ ਜੱਟਾ
ਵੈਣ ਪਾਈਂ ਕਿੱਕਰਾਂ ਦੇ ਗਲ ਲੱਗ ਕੇ
ਤੂੰ ਦੇਖ ਮੇਰਾ ਡੋਰੀਆ ਖੱਟਾ
ਲਾਲੀ ਖਾ ਗਿਆ ਬੁਲ੍ਹਾਂ ਦੀ ਗ਼ਮ ਮੇਰੀ
ਪਤਾਸੇ ਵਾਂਗੂੰ "ਦੇਵ" ਖੁਰ ਗਈ
ਫੇਰ ਰੋਵੇਂਗਾ ਢਿੱਲੇ ਜਹੇ ਬੁਲ੍ਹ ਕਰਕੇ
'ਵੇ ਪਾਲੀ' ' ਬੀਬਾ' ਜਦੋਂ ਮਰ ਗਈ

ਦੇਵ ਦੇ ਲਿੱਖੇ ਹੋਏ ਗੀਤ ਪੰਜਾਬ ਦੇ ਚੋਟੀ ਦੇ ਗਾਇਕਾਂ ਦੀ ਆਵਾਜ਼ ਵਿੱਚ ਰਿਕਾਰਡ ਹੋਣ ਲੱਗ ਪਏ ਪਰ ਉਸਨੂੰ ਆਪਣੇ ਆਪ ਨੂੰ ਇਕ ਕਮੀਂ ਜਿਹੀ ਮਹਿਸੂਸ ਹੋ ਰਹੀ ਸੀ ਜਿਸਨੂੰ ਦੂਰ ਕਰਨ ਲਈ ਦੇਵ ਉਸਤਾਦ ਗੀਤਕਾਰ ਸ੍ਰ ਗੁਰਦੇਵ ਸਿੰਘ ਮਾਨ ਦੇ ਚਰਨੀਂ ਜਾ ਲੱਗਾ 'ਮਾਨ' ਸਾਹਿਬ ਨੂੰ ਪੱਗ ਦੇ ਕੇ ਉਹਨਾਂ ਨਾਲ ਬਾਕਾਇਦਾ ਤੌਰ ਤੇ ਉਸਤਾਦੀ ਸ਼ਗਿਰਦੀ ਕੀਤੀ, ਮਾਨ ਦੇ ਲੜ ਲੱਗ ਕੇ ਦੇਵ ਪਰਪੱਕ ਗੀਤਕਾਰ ਬਣ ਗਿਆ ਉਸਦੇ ਗੀਤ

ਆਪਣੇ ਵੇਲਿਆਂ ਦੇ ਸਾਰੇ ਪ੍ਰਸਿੱਧ ਗਾਇਕਾਂ ਨੇ ਗਾਏ ਜਿਹਨਾਂ 'ਚ ਚਾਂਦੀ ਰਾਮ ਤੇ ਸ਼ਾਂਤੀ ਦੇਵੀ, ਨਰਿੰਦਰ ਬੀਬਾ, ਸਵਰਨਲਤਾ, ਜਗਮੋਹਨ ਕੌਰ, ਸੁਰਿੰਦਰ ਕੌਰ, ਸਾਬਰ ਹੁਸੈਨ ਸਾਬਰ । ਇਕ ਗੱਲ ਹੋਰ ਦੱਸ ਦੇਵਾਂ ਕਿ ਪ੍ਰਸਿੱਧ ਗੀਤਕਾਰ ਤੇ ਗਾਇਕ ਦੀਦਾਰ ਸੰਧੂ ਦੀ ਆਵਾਜ਼ ਵਿੱਚ ਰਿਕਾਰਡ ਹੋਇਆ ਸਭ ਤੋਂ ਪਹਿਲਾ ਗੀਤ ਵੀ ਦੇਵ ਦਾ ਹੀ ਸੀ ਜਿਸਦੇ ਬੋਲ ਸਨ

ਵਗਦੀ ਨਦੀ ਦੇ ਵਿੱਚ ਦੋ ਜਾਣੇਂ ਨ੍ਹਾਉਂਦੇ

ਚੱਕ ਦੇ ਪੱਲਾ ਨੀ ਤੇਰੇ ਪੈਰੀਂ ਹੱਥ ਲਾਉਂਦੇ

ਵਗਦੀ ਨਦੀ ਦੇ ਵਿੱਚ ਰੰਗ ਕੀਹਨੇ ਡੋਲ੍ਹਿਆ

ਜਦੋਂ ਦੀ ਵਿਆਹੀ, ਕਦੇ ਹੱਸ ਕੇ ਨਾ ਬੋਲਿਆ

ਪੰਜਾਬੀ ਦੋ-ਗਾਣਾ ਗਾਇਕੀ ਦੇ ਬਾਦਸ਼ਾਹ ਵੱਜੋਂ ਜਾਣੇ ਜਾਂਦੇ ਜਨਾਬ ਮੁਹੰਮਦ ਸਦੀਕ ਦੀ ਆਵਾਜ਼ ਵਿੱਚ ਵੀ ਦੇਵ ਦੇ ਕਈ ਗੀਤ ਰਿਕਾਰਡ ਹੋਏ ਜਿਨ੍ਹਾਂ 'ਚ

ਕੀਹਦੀ ਖਾਤਰ ਜਿਉਣ ਜੋਗੀਆ ਲਾ ਕੇ ਗਿਆ ਨਸੂੜ੍ਹਾ
ਰਾਤੀ ਰੋਂਦੀ ਦਾ ਭਿੱਜ ਜਾਏ ਲਾਲ ਪੰਘੂੜਾ
ਅਤੇ
ਆਹ ਲੈ ਲੌਂਗ ਨੀ ਬਿਸ਼ਨੀਏ ਤੇਰਾ
ਨਰਮੇਂ 'ਚੋਂ ਸਾਨੂੰ ਲੱਭਿਆ ਸ਼ਾਮਲ ਹਨ।

ਕਰਮਜੀਤ ਸਿੰਘ ਧੂਰੀ ਦੀ ਆਵਾਜ਼ ਵਿੱਚ ਦੇਵ ਦੇ ਦੋ ਧਾਰਮਿਕ ਗੀਤ ਰਿਕਾਰਡ ਹੋਏ ਉਹ ਗੀਤ ਪੰਜਾਬੀ ਧਾਰਮਿਕ ਗੀਤਕਾਰੀ ਦਾ ਸਰਮਾਇਆ ਹਨ ਉਹ ਗੀਤ ਐਸੇ ਹਨ ਕਿ ਪੰਜਾਬ ਦੇ ਹਰ ਪਿੰਡ ਵਿੱਚ, ਹਰ ਗੁਰੂਘਰ ਵਿੱਚ, ਹਰਇਕ ਅਖੰਡ ਪਾਠ ਦੇ ਭੋਗ ਸਮੇਂ ਹਰ ਇੱਕ ਵਿਆਹ ਸ਼ਾਦੀ ਵਿੱਚ ਅੰਮ੍ਰਿਤ ਵੇਲੇ ਸੱਭ ਤੋਂ ਵੱਧ ਸਪੀਕਰਾਂ 'ਚ ਵੱਜਣ ਵਾਲੇ ਗੀਤ ਕਹੇ ਜਾ ਸਕਦੇ ਹਨ, ਜਿਹਨਾਂ ਦੇ ਬੋਲ ਹਨ

ਹੁੰਦੀਆਂ ਸ਼ਹੀਦ ਜੋੜੀਆਂ
ਦਾਦੀ ਦੇਖਦੀ ਦੀ ਬੁਰਜ ਤੇ ਖੜ੍ਹਕੇ
ਘੋੜੀ ਗਾਵੇ ਪੋਤਿਆਂ ਦੀ
ਬੈਠੀ ਕਾਲਜਾ ਹੱਥਾਂ ਦੇ ਵਿੱਚ ਫੜਕੇ
ਅਤੇ
ਰੱਬ ਨਾਲ ਠੱਗੀਆਂ ਕਿਉਂ ਮਾਰੇਂ ਬੰਦਿਆ
ਦਿਨ ਰਾਤ ਪਾਪਾਂ 'ਚ ਗੁਜ਼ਾਰੇਂ ਬੰਦਿਆ

ਸੱਤਰਵਿਆਂ ਦੇ ਕਰੀਬ ਦੇਵ ਗਿਆਸਪੁਰੇ ਦੇ ਸਰਕਾਰੀ ਸਕੂਲ 'ਚ ਪੜ੍ਹਾਉਂਦਾ ਸੀ, ਉਸ ਵੇਲੇ ਤੱਕ ਦੇਵ ਦੇ ਬਹੁਤ ਗੀਤ ਰਿਕਾਰਡ ਹੋ ਕੇ ਹਿੱਟ ਹੋ ਚੁੱਕੇ ਸਨ, ਗਿਆਸਪੁਰੇ ਹੀ ਮਾਸਟਰ ਗੁਰਦਿਆਲ ਸਿੰਘ ਨੇ ਦੇਵ ਕੋਲ ਇਕ ਦਿਨ ਮਾਣਕ ਦੀ ਗੱਲ ਕੀਤੀ ਕਿ ਇਕ ਮੁੰਡਾ ਨਵਾਂ ਆਇਆ ਐ ਵਧੀਆ ਗਾਉਂਦੈ, ਗੱਲ ਆਈ ਗਈ ਹੋ ਗਈ, ਉਸ ਵੇਲੇ ਮੁਹੰਮਦ ਸਦੀਕ ਰਣਜੀਤ ਕੌਰ ਦੀ ਆਵਾਜ਼ ਵਿੱਚ ਮਰਾੜ੍ਹਾਂ ਵਾਲੇ ਦੇ ਗੀਤ ਖੂਬ ਚੱਲ ਰਹੇ ਸਨ, ਇਸ ਕਰਕੇ ਦੇਵ ਨੂੰ ਵੀ ਕਿਸੇ ਵਧੀਆ ਨਵੀਂ ਆਵਾਜ਼ ਦੀ ਤਾਲਾਸ਼ ਸੀ,

ਦੇਵ ਸਕੂਲੋਂ ਸਾਈਕਲ ਤੇ ਹੀ ਪਿੰਡ ਜਾਂਦਾ ਹੁੰਦਾ ਤੇ ਆਥਣੇ ਬੱਸ ਅੱਡੇ ਕੋਲ ਗਾਉਣ ਵਾਲਿਆਂ ਦੇ ਦਫਤਰਾਂ ਕੋਲ ਖੜ੍ਹ ਕੇ ਚਾਰ ਬੰਦਿਆ ਨੂੰ ਮਿਲ ਕੇ ਹਵਾ ਪਿਆਜੀ ਜਿਹਾ ਹੋ ਕੇ ਹੀ ਘਰੇ ਅੱਪੜਦਾ, ਇਸੇ ਦੌਰਾਨ ਇਕ ਦਿਨ ਸੋਮੇ ਦੇ ਢਾਬੇ ਤੇ ਦੇਵ ਨੂੰ ਮਾਣਕ ਟੱਕਰ ਗਿਆ ਦੇਵ ਦੇ ਨਾਨਕੇ ਬਠਿੰਡੇ ਜਿਲ੍ਹੇ 'ਚ ਤੇ ਮਾਣਕ ਦਾ ਪਿੰਡ ਬਠਿੰਡੇ ਜਿਲ੍ਹੇ 'ਚ ਬੱਸ ਫੇਰ ਕੀ ਸੀ ਅਧੀਆ ਫੜ ਲਿਆ ਤੂੰ ਮੇਰਾ ਬਾਈ ਤੇ ਮੈਂ ਤੇਰਾ ਬਾਈ ਹੋਗੀ

ਦੇਵ ਦੇ ਵੀ ਪਹਿਲਾਂ ਅਨੇਕਾਂ ਈ ਗੀਤ ਰਿਕਾਰਡ ਹੋ ਚੁੱਕੇ ਸੀ ਤੇ ਮਾਣਕ ਦੇ ਵੀ ਦੋ ਕੁ ਤਵੇ ਆ ਚੁੱਕੇ ਸੀ ਇਕ ਦੋ-ਗਾਣਿਆਂ ਦਾ ਤੇ ਦੂਜਾ ਲੋਕ ਗਾਥਾਵਾਂ ਦਾ, ਦੇਵ ਨੂੰ ਮਾਣਕ ਦੀ ਆਵਾਜ਼ ਪਸੰਦ ਆਈ ।

ਦੇਵ ਨੇ ਮਾਣਕ ਨੂੰ ਚਾਰ ਲੋਕ ਗਾਥਾਵਾਂ ਦਿੱਤੀਆਂ ਜਿਹਨਾਂ ਦਾ ਐਚ ਐਮ ਵੀ ਨੇ 1973 ਵਿੱਚ ਚਾਰ ਗੀਤਾਂ ਵਾਲਾ ਤਵਾ ਬਣਾਇਆ ਜਿਸਦਾ ਨੰਬਰ ਹੈ 10543

ਇਸ ਰਿਕਾਰਡ ਵਿੱਚ
ਆਖੇ ਅਕਬਰ ਬਾਦਸ਼ਾਹ (ਜੈਮਲ ਫੱਤਾ)
ਦੁਲਿਆ ਵੇ ਟੋਕਰਾ ਚੁਕਾਈਂ ਆਣ ਕੇ(ਦੁੱਲਾ ਭੱਟੀ)
ਤੇਰੀ ਖਾਤਰ ਹੀਰੇ (ਹੀਰ ਦੀ ਕਲੀ)
ਕਹੇ ਰਸਾਲੂ ਰਾਣੀਏ (ਸ਼ਾਹਣੀਂ ਕੌਲਾਂ)

ਇਸ ਰਿਕਾਰਡ ਨਾਲ ਬਾਜ਼ਾਰ ਵਿੱਚ ਮਾਣਕ ਦੀ ਗੱਲ ਤੁਰ ਪਈ ਤੇ ਇਹਦੇ ਨਾਲ ਹੀ ਐਚ ਐਮ ਵੀ ਨੇ ਦੇਵ ਦੇ ਪੰਜ ਹੋਰ ਗੀਤਾਂ ਦਾ ਤਵਾ ਰਿਕਾਰਡ ਕਰ ਲਿਆ ਇਸ ਨਾਲ ਚਾਰੇ ਪਾਸੇ ਦੇਵ ਥਰੀਕੇ ਵਾਲਾ ਤੇ ਕੁਲਦੀਪ ਮਾਣਕ ਦੇ ਨਾਮ ਦੀ ਧੁੰਮ ਪੈ ਗਈ ਅਗਲੇ ਵਰ੍ਹੇ ਫੇਰ ਗਿਆਰਾਂ ਗੀਤਾਂ ਵਾਲਾ ਵੱਡਾ ਐਲ ਪੀ ਤਵਾ ਬਣਾਇਆ ਜੋ ਪੰਜਾਬੀ ਗੀਤਾਂ ਦਾ ਇਤਿਹਾਸਕ ਪੰਨਾ ਹੈ ਜਿਸ ਵਿੱਚ

ਤੇਰੇ ਟਿੱਲੇ ਤੋਂ ਓਹ ਸੂਰਤ ਦੀਹੰਦੀ ਐ ਹੀਰ ਦੀ
ਛੇਤੀ ਕਰ ਸਰਵਣ ਬੱਚਾ
ਚਿੱਠੀਆਂ ਸਾਹਿਬਾਂ ਜੱਟੀ ਨੇ
ਸਿਖਰ ਦੁਪਹਿਰੇ ਵਰਗੀ ਬੇਗੋ
ਯਾਰੋ ਰੰਨਾ ਚੈਂਚਲ ਹਾਰੀਆਂ
ਗੜ੍ਹਮੁਗਲਾਣੇ ਦੀਆਂ ਨਾਰਾਂ
ਸਮੇਤ ਕੁੱਲ ਗਿਆਰਾਂ ਗੀਤ ਸਨ।

ਬੱਸ ਇੱਥੋਂ ਦੇਵ ਤੇ ਮਾਣਕ ਦੀ ਜੋੜੀ ਦੀ ਚਰਚਾ ਹੱਦਾਂ ਸਰਹੱਦਾਂ ਟੱਪ ਗਈ

ਇਸਤੋਂ ਬਾਅਦ 1977 ਵਿੱਚ ਜਸਵੰਤ ਭੰਵਰਾ ਜੀ ਦੇ ਸ਼ਗਿਰਦ ਸੁਰਿੰਦਰ ਛਿੰਦੇ ਨੂੰ ਚਾਰ ਲੋਕ ਗਾਥਾਵਾਂ ਨਾਲ ਲੋਕਾਂ ਦੇ ਰੂਬਰੂ ਕੀਤਾ

ਦੇਵ ਦੀਆਂ ਇਹ ਚਾਰ ਲੋਕ ਗਾਥਾਵਾਂ ਐਚ ਐਮ ਵੀ ਨੇ 1977 ਵਿੱਚ ਸੁਰਿੰਦਰ ਛਿੰਦੇ ਦੀ ਆਵਾਜ਼ ਵਿੱਚ ਤੇ ਰਾਮ ਸਰਨ ਦਾਸ ਦੇ ਸੰਗੀਤ ਵਿੱਚ ਰਿਕਾਰਡਿੰਗ ਕਰਕੇ ਚਾਰ ਗੀਤਾਂ ਵਾਲਾ ਤਵਾ ਬਣਾਇਆ ਜਿਸਦਾ ਲੜੀ ਨੰਬਰ ਐ

7 2023 (1977)

ਇਸ ਵਿੱਚ ਚਾਰ ਗੀਤ ਇੰਝ ਸਨ

ਉੱਚਾ ਬੁਰਜ ਲਾਹੌਰ ਦਾ (ਹੀਰ ਦੀ ਕਲੀ)

ਰੂਪ ਬਸੰਤ

ਰਾਣੀ ਇੱਛਰਾਂ

ਦਹੂਦ ਬਾਦਸ਼ਾਹ

ਇਸ ਰਿਕਾਰਡ ਨਾਲ ਦੇਵ ਦੀ ਬਦੌਲਤ ਲੋਕ ਗਾਥਾਵਾਂ ਦੇ ਪਿੜ ਵਿੱਚ ਇਕ ਹੋਰ ਕਲਾਕਾਰ "ਸੁਰਿੰਦਰ ਛਿੰਦੇ" ਦਾ ਪ੍ਰਵੇਸ਼ ਹੋਇਆ

ਇੰਜ "ਦੇਵ" ਦਾ ਲਿਖਿਆ "ਸੁਰਿੰਦਰ ਛਿੰਦੇ" ਦਾ ਗਾਇਆ ਤੇ "ਚਰਨਜੀਤ ਆਹੂਜਾ" ਦਾ ਸੰਗੀਤਬੱਧ ਕੀਤਾ ਉਪੇਰਾ 'ਜਿਉਣਾ ਮੌੜ' ਵੀ ਪੰਜਾਬੀ ਗੀਤਕਾਰੀ ਤੇ ਗਾਈਕੀ ਦਾ ਇਤਿਹਾ-ਸਕ ਪੰਨਾ ਹੈ

ਦੇਵ ਦੇ ਗੀਤ ਕਈ ਪੰਜਾਬੀ ਫਿਲਮਾਂ 'ਚ ਵੀ ਰਿਕਾਰਡ ਹੋਏ, ਦੇਵ ਦੇ ਕਈ ਗੀਤ ਤਾਂ ਐਸੇ ਹਨ ਜੋ ਇਕ ਇਕ ਗੀਤ ਨੂੰ ਹੀ ਬੜੇ ਕਲਾਕਾਰ ਰਿਕਾਰਡ ਕਰਵਾ ਗਏ ਜਿਵੇਂ

ਟਿੱਲੇ ਵਾਲਿਆ ਮਿਲਾਦੇ ਜੱਟੀ ਹੀਰ ਨੂੰ

ਕੁਲਦੀਪ ਮਾਣਕ, ਸੁਰਿੰਦਰ ਕੌਰ ਤੇ ਕਰਮਜੀਤ ਸਿੰਘ ਧੂਰੀ ਨੇ ਵਾਰੋ ਵਾਰੀ ਰਿਕਾਰਡ ਕਰਵਾਇਆ

ਸੁਰਿੰਦਰ ਕੌਰ ਦੀ ਆਵਾਜ਼ ਵਿੱਚ
ਦੀਵਿਆਂ ਵੇਲੇ ਦਰ ਆਪਣੇ ਦਾ
ਕਿਸ ਕੁੰਡਾ ਖੜਕਾਇਆ
ਨੀ ਉੱਠ ਵੇਖ ਨਨਾਣੇ
ਕੌਣ ਪ੍ਰਾਹੁਣਾ ਆਇਆ
ਫੁੱਲਾਂ ਵਰਗੀ ਮਹਿਕ ਜਹੀ
ਕੀ ਬੀਹੀ ਵਿੱਚੋਂ ਆਵੇ
ਰਾਤ ਵਾਲਾ ਰੱਬ ਕਰਕੇ ਨੀ
ਸੁਪਨਾ ਸੱਚਾ ਹੋ ਜਾਵੇ
ਚੁਲ੍ਹੇ ਮੂਹਰੇ ਬੈਠੀ ਦਾ ਨੀ
ਮੇਰਾ ਅੰਗ ਅੰਗ ਨਸ਼ਿਆਇਆ
ਨੀ ਉੱਠ ਦੇਖ ਨਨਾਣੇ, ਕੌਣ ਪ੍ਰਾਹੁਣਾ ਆਇਆ
ਭੁੱਲ ਭੁਲੇਖੇ ਸ਼ੀਸ਼ੇ ਮੂਹਰੇ
ਜਦ ਬੈਠਾਂ ਮੈਂ ਜਾਕੇ
ਪੁੱਠੀਆਂ ਸਿੱਧੀਆਂ ਗੱਲਾਂ ਨੀ
ਪਾ ਲੈਂਦੀਆਂ ਘੇਰਾ ਆਕੇ
ਪਰਸੋਂ ਰੋਂਦੀਆਂ ਰੀਝਾਂ ਨੂੰ ਮੈਂ
ਲਾਰਿਆਂ ਨਾਲ ਮਨਾਇਆ
ਨੀ ਉੱਠ ਦੇਖ ਨਨਾਣੇ, ਕੌਣ ਪ੍ਰਾਹੁਣਾ ਆਇਆ
ਨੀ ਨਣਦੇ ਨੀ ਬੀਬੀਏ ਨਣਦੇ
ਬਿੜਕ ਪੈਰਾਂ ਦੀ ਆਈ
ਇਊਂ ਜਾਪੇ ਜਿਉਂ ਬਾਹਰ ਖਲੋਤਾ
ਚੰਨ ਵਰਗਾ ਤੇਰਾ ਭਾਈ
ਮੇਰਾ ਨਾਉਂ ਲੈ ਕੇ ਨੀ
ਮੈਨੂੰ ਕਿਸਨੇ ਹੋਰ ਬੁਲਾਇਆ
ਨੀ ਉੱਠ ਦੇਖ ਨਨਾਣੇ, ਕੌਣ ਪ੍ਰਾਹੁਣਾ ਆਇਆ

ਲੋਕ ਗੀਤਾਂ ਦਾ ਹਾਣੀ ਹੋ ਚੁੱਕਿਐ,ਇਹ ਦੇਵ ਦੀ ਲੇਖਣੀ ਕਮਾਲ ਹੀ ਹੈ , ਗੀਤ ਦੀ ਰੂਹ ਨੂੰ ਮਾਣਦੇ ਹੋਏ ਦੇਵ ਨੇ ਗੀਤ ਵਿੱਚ ਆਪਣਾ ਨਾਮ ਵੀ ਨਹੀਂ ਪਾਇਆ ਇਹ ਉਹਦਾ ਗੀਤਕਾਰੀ ਪ੍ਰਤੀ ਸਮਰਪਣ ਐ,

ਦੇਵ ਦੇ ਕਈ ਗੀਤ ਐਸੇ ਹਨ ਜਿਨ੍ਹਾਂ ਤੇ ਕੱਲੇ ਕੱਲੇ ਗੀਤ ਤੇ ਵੀ ਪੀ ਐਚ ਡੀ ਕੀਤੀ ਜਾਵੇਗੀ ਜਿਵੇਂ

ਆ ਸੱਜਣਾ ਆ ਗਲ ਲੱਗ ਮਿਲੀਏ

ਮਿਲੀਏ ਤੇ ਮਰ ਜਾਈਏ ਵੇ

ਕੀ ਪਤਾ ਫਿਰ ਦੁਨੀਆਂ ਉੱਤੇ

ਆਈਏ ਜਾਂ ਨਾ ਆਈਏ ਵੇ

ਜਾਂ

ਮਾਂ ਦੀ ਪੂਜਾ ਰੱਬ ਦੀ ਪੂਜਾ

ਮਾਂ ਤਾਂ ਰੱਬ ਦਾ ਰੂਪ ਹੈ ਦੂਜਾ

ਮਾਂ ਹੈ ਰੱਬ ਦਾ ਨਾਂ ਓ ਦੁਨਿਆ ਵਾਲਿਓ

ਮਾਂ ਬਿਨਾਂ ਕੋਈ ਨਾਂ ਲਾਡ ਲਡਾਉਂਦਾ
ਰੋਂਦਿਆਂ ਨੂੰ ਨਾ ਚੁੱਪ ਕਰਾਉਂਦਾ
ਖੋਹ ਲੈਂਦੇ ਟੁੱਕ ਕਾਂ ਓ ਦੁਨੀਆਂ ਵਾਲਿਓ
ਬੱਚਿਆਂ ਦਾ ਦੁੱਖ ਮਾਂ ਨਾ ਸਹਿੰਦੀ
ਗਿੱਲੀ ਥਾਂ ਤੇ ਆਪ ਹੈ ਪੈਂਦੀ
ਪਾਉਂਦੀ ਸੁੱਕੀ ਥਾਂ ਓ ਦੁਨੀਆਂ ਵਾਲਿਓ

ਦੇਵ ਸਮਰੱਥ ਗੀਤਕਾਰ ਸੀ, ਦੋ-ਗਾਣੇ, ਲੋਕ-ਗਾਥਾਵਾਂ, ਲੋਕ-ਤੱਥ, ਵਾਰਾਂ, ਕਲੀਆਂ, ਸੱਦ,ਧਾਰਮਿਕ ਗੀਤ, ਉਦਾਸ ਗੀਤ, ਉਪੇਰੇ, ਬੀਰ ਰਸ, ਸ਼ਿੰਗਾਰ ਰਸ, ਵਿਛੋੜੇ ਤੇ ਵਸਲ ਤੇ ਦੇਵ ਨੇ ਕਮਾਲ ਦਾ ਲਿਖਿਆ ਗੱਲ ਕੀ ਪੰਜਾਬੀ ਗੀਤਾਂ ਦੀ ਹਰ ਵਿਧਾ ਨੂੰ ਉਸਨੇ ਬਾਖੂਬੀ ਲਿਖਿਆ। ਇਤਿਹਾਸ ਵਿੱਚ ਇਹ ਪਹਿਲੀ ਵਾਰੀ ਹੋਇਆ ਹੈ ਕਿ ਕਿਸੇ ਗੀਤਕਾਰ ਦੇ ਜਿਉਂਦੇ ਜੀਅ ਉਹਦੇ ਨਾਮ ਤੇ ਸੋਸਾਇਟੀ ਬਣਾਈ ਗਈ ਹੋਵੇ ਇਹ ਸ਼ਰਫ ਸਿਰਫ ਦੇਵ ਨੂੰ ਹੀ ਹਾਸਲ ਹੋਇਆ ਹੈ ਕਿ ਇੰਗਲੈਂਡ ਵਸਦੇ ਦੇਵ ਦੇ ਗੀਤਾਂ ਦੇ ਆਸ਼ਕ ਸੋਖਾ ਉਦੇਪੁਰੀਆ ਨੇ ਦੇਵ ਥਰੀਕੇ ਵਾਲਾ ਐਪਰੀਸੀਏਸ਼ਨ ਸੋਸਾਇਟੀ ਬਣਾ ਕੇ ਮਿਸਾਲ ਪੈਦਾ ਕਰ ਦਿੱਤੀ,

ਦੇਵ ਦੀ ਕਲਮ ਦਾ ਜਲੌਅ ਅੰਤ ਤੱਕ ਬਰਕਰਾਰ ਰਿਹਾ, ਮੈਂ ਦੇਵ ਨੂੰ ਇਕ ਨਹੀਂ ਅਨੇਕਾਂ ਵਾਰ ਮਿਲਿਆ ਹਮੇਸ਼ਾਂ ਹੀ ਦੇਵ ਚੜ੍ਹਦੀ ਕਲਾ'ਚ ਈ ਮਿਲਿਆ ਕਦੇ ਪੈਸੇ ਦੀ ਭੁੱਖ ਨਹੀਂ ਦੇਖੀ,ਕਦੇ ਕੋਈ ਲਾਲਚ ਨਹੀਂ ਦੇਖਿਆ,

25 ਜਨਵਰੀ 2022 ਦੀ ਮਨਹੂਸ ਸਵੇਰੇ ਦੇਵ ਦੇ ਤੁਰ ਜਾਣ ਦੀ ਖ਼ਬਰ ਨੇ ਪੰਜਾਬੀਆਂ ਨੂੰ ਝੰਜੋੜ ਕੇ ਰੱਖ ਦਿੱਤਾ। ਪੰਜਾਬੀ ਗੀਤਕਾਰੀ ਲਈ ਕਦੇ ਵੀ ਨਾ ਪੂਰਿਆ ਜਾਣ ਵਾਲਾ ਘਾਟਾ। ਭਾਵੇਂ ਦੇਵ ਥਰੀਕੇ ਵਾਲਾ ਜਿਸਮਾਨੀ ਤੌਰ ਤੇ ਇਸ ਫਾਨੀ ਸੰਸਾਰ ਤੋਂ ਰੁਖ਼ਸਤ ਹੋ ਗਿਆ , ਪਰ ਉਸ ਦੇ ਗੀਤ ਹਮੇਸ਼ਾਂ ਪੰਜਾਬੀਆਂ ਦੇ ਦਿਲਾਂ ਵਿੱਚ ਧੜਕਣ ਬਣ ਕੇ ਧੜਕਦੇ ਰਹਿਣਗੇ।

ਅਸ਼ੋਕ ਬਾਂਸਲ ਮਾਨਸਾ

Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

NEW Listing in *BRAMPTON*
Bovaird Rd./Edenbrook Hill/Sandalwood
ਡਿਟੈਚਡ ਹਾਊਸ of Approx. 2500-3000 sq.ft., 4+1 ਬੈਡਰੂਮ, 3 ਵਾਸ਼ਰੂਮ, 6 ਕਾਰ ਪਾਰਕਿੰਗ। *No ਕਾਰਪੇਟ* in entire house, ਲੇਮੀਨੇਟ Floor, Upgraded ਕੀਚਨ with Quartz ਕਾਊਂਟਰਟੋਪ, ਬੈਕਸਪਲੈਸ, S/S Appliances, ਪੋਟ ਲਾਈਟ, Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ( Sep. Shower ), W/I Closet & Walk-out to Open Balcony. 200 Amps Electrical Panel. Furnace & Roof Shingles replaced in 2017. Close to Hwy 410 & more.

NEW Listing in *BRAMPTON*
Bovaird / Hurontario / Hwy 10
ਟਾਊਨ-ਹਾਊਸ of Approx. 1800-1999 sq.ft., 3+1 ਬੈਡਰੂਮ, 2 ਵਾਸ਼ਰੂਮ, 2 ਕਾਰ ਪਾਰਕਿੰਗ। *No ਕਾਰਪੇਟ*Only ਲੇਮੀਨੇਟ Floor on Main/Upper floor, Eat-in-&Upgraded ਕੀਚਨ with New S/S Fridge, Dishwasher, Furnance, Washer&Dryer, ਮਾਸਟਰ ਬੈਡਰੂਮ with ਇਨਸੂਇਟ ਵਾਸ਼ਰੂਮ & W/I Closet. Family Gathering ਲਈ ਵਡਾ Great Rm (spacious layout), ਗੈਰੇਜ access (2024). Close to amenities, Hwy 410, downtown brampton, GoStation & more.

NEW Listing in *MISSISSAUGA*
Burnhamthorpe/Confederation /Webb Dr
ਸ਼ਾਨਦਾਰ ਅਪਾਰਟਮੈਂਟ Approx. 900-999 sq.ft., 2 ਬੈਡਰੂਮ+DEN, 1 ਵਾਸ਼ਰੂਮ, 2 ਕਾਰ ਪਾਰਕਿੰਗ। No ਕਾਰਪੇਟ। ਲੇਮੀਨੇਟ Floor (2023), New ਪੇਂਟ (2023), ਕੀਚਨ with Ceramic ਬੈਕਸਪਲੈਸ਼, Extended Cabinetry। ਮਾਸਟਰ ਬੈਡਰੂਮ ਇਨਸੂਇਟ & his/her Closets. *All utilities are included.* Close to Major Hwys & Walking Distance to Square One, Celebration Square, Public Transit, Sheridan College Campus, Parks, Restaurants & More!

NEW Listing in *BRAMPTON*
James Potter/Queen/Bonnie Brae
ਡਿਟੈਚਡ ਹਾਊਸ of *45 Feet Ravine Lot* Approx. 3000-3500 sq.ft., 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ, 6 ਕਾਰ ਪਾਰਕਿੰਗ, Double Door Entry, *No ਕਾਰਪੇਟ* in entire house, ਕੀਚਨ with Granite ਕਾਊਂਟਰਟੋਪ with S/S Appliances। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ। ਸਾਰੇ ਬੈਡਰੂਮ ਨਾਲ attached ਵਾਸ਼ਰੂਮ। Laundry on Main Floor. Finished Look Out Bsmnt w/Larger Windows 2 Sep. Entrance.

FREE
- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.
Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Galhunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5
Rexdale Financial Services

